SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 67** | **Wednesday, April 5, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਆਪਣੇ ਉੱਤੇ ਲੱਗੇ ਦੋਸ਼ਾਂ ਨੂੰ ਟਰੰਪ ਨੇ ਨਕਾਰਿਆ



ਨਿਊ ਯੌਰਕ, 4 ਅਪਰੈਲ (ਪੋਸਟ ਬਿਊਰੋ) : ਵ੍ਹਾਈਟ ਹਾਊਸ ਵਿੱਚ ਰਾਸ਼ਟਰਪਤੀ ਵਜੋਂ ਆਪਣੇ ਪਹਿਲੇ ਕਾਰਜਕਾਲ ਦੌਰਾਨ ਆਪਣੀ ਪ੍ਰਾਈਵੇਟ ਕੰਪਨੀ ਦੇ ਅੰਤਰਿਮ ਬਿਜ਼ਨਸ ਰਿਕਾਰਡਜ਼ ਨਾਲ ਛੇੜਛਾੜ ਕਰਨ, 2016 ਦੀਆਂ ਚੋਣਾਂ ਨੂੰ ਗੈਰਕਾਨੂੰਨੀ ਤਰੀਕੇ ਨਾਲ ਪ੍ਰਭਾਵਿਤ ਕਰਨ ਤੇ ਨਜਾਇਜ਼ ਸਬੰਧਾਂ ਦੇ ਦੋਸ਼ਾਂ ਨੂੰ ਲੁਕਾਉਣ ਵਰਗੇ 34 ਮਾਮਲਿਆਂ ਦੇ ਸਬੰਧ ਵਿੱਚ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੌਨਲਡ ਟਰੰਪ ਨੂੰ ਮੰਗਲਵਾਰ ਨੂੰ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ। ਉਹ ਅਮਰੀਕਾ ਦੇ ਪਹਿਲੇ ਰਾਸ਼ਟਰਪਤੀ ਬਣ ਗਏ ਹਨ ਜਿਨ੍ਹਾਂ ਨੂੰ ਘੋਰ ਅਪਰਾਧ ਦੇ 34 ਮਾਮਲਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਅਦਾਲਤ ਵਿੱਚ ਆਪਣੀ ਪੇਸ਼ੀ ਦੌਰਾਨ ਟਰੰਪ ਨੇ ਆਪਣੇ ਚਿਹਰੇ ਉੱਤੇ ਕੋਈ ਹਾਵ-ਭਾਵ ਨਹੀਂ ਆਉਣ ਦਿੱਤੇ। ਅਸਿਸਟੈਂਟ ਡਿਸਟ੍ਰਿਕਟ ਅਟਾਰਨੀ ਕ੍ਰਿਸਟੋਫਰ ਕੌਨਰੌਏ ਨੇ ਟਰੰਪ ਉੱਤੇ ਲੱਗੇ ਦੋਸ਼ਾਂ ਨੂੰ ਜਦੋਂ ਬਿਆਨ ਕੀਤਾ ਤਾਂ ਜੱਜ ਸਾਹਮਣੇ ਉਨ੍ਹਾਂ ਖੁਦ ਨੂੰ ਨੌਟ ਗਿਲਟੀ (ਕਸੂਰਵਾਰ ਨਹੀਂ )ਹੀ ਦੱਸਿਆ। ਇਸ ਤੋਂ ਪਹਿਲਾਂ ਆਪਣੇ ਉੱਤੇ ਲੱਗੇ ਇਨ੍ਹਾਂ ਦੋਸ਼ਾਂ ਨੂੰ ਟਰੰਪ ਸਿਆਸਤ ਤੋਂ ਪ੍ਰੇਰਿਤ ਦੱਸਦੇ ਰਹੇ ਹਨ। ਕੁੱਝ ਦੇਰ ਲਈ ਟਰੰਪ ਨੇ ਇਸ ਕੇਸ ਨੂੰ ਸਾਹਮਣੇ ਲਿਆਉਣ ਵਾਲੇ ਮੈਨਹਟਨ ਡਿਸਟ੍ਰਿਕਟ ਦੇ ਅਟਾਰਨੀ ਐਲਵਿਨ ਬ੍ਰੈਗ ਨੂੰ ਵੀ ਘੂਰਿਆ। ਪਰ ਪੂਰੀ ਸੁਣਵਾਈ ਦੌਰਾਨ ਟਰੰਪ ਨੇ 10 ਲਫਜ਼ਾਂ ਤੋਂ ਵੱਧ ਕੁੱਝ ਨਹੀਂ ਆਖਿਆ। ਆਪਣੇ ਫਲੋਰਿਡਾ ਅਸਟੇਟ, ਮਾਰ-ਅ-ਲੈਗੋ, ਪਰਤਣ ਉਪਰੰਤ ਟਰੰਪ ਨੇ ਇੱਕ ਵਾਰੀ ... ਬਾਕੀ ਸਫਾ 2 'ਤੇ

## ਯੌਰਕ ਯੂਨੀਵਰਸਿਟੀ ਦੇ ਕੈਂਪਸ ਵਿੱਚ ਛੁਰੇਬਾਜ਼ੀ ਕਰਨ ਵਾਲੇ ਤਿੰਨ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ



ਟੋਰਾਂਟੋ, 4 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਮਸ਼ਕੂਕਾਂ ਦੇ ਇੱਕ ਗਰੁੱਪ ਦੀ ਭਾਲ ਕੀਤੀ ਜਾ ਰਹੀ ਹੈ ਜਿਹੜਾ ਦੋ ਹਮਲਿਆਂ ਲਈ ਜ਼ਿੰਮੇਵਾਰ ਹੈ। ਇਸ ਗਰੁੱਪ ਵੱਲੋਂ ਯੌਰਕ ਯੂਨੀਵਰਸਿਟੀ ਕੈਂਪਸ ਵਿੱਚ ਇੱਕ ਲੜਕੇ ਨੂੰ ਚਾਕੂ ਮਾਰ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ ਗਿਆ।

29 ਮਾਰਚ ਨੂੰ ਪੁਲਿਸ ਅਧਿਕਾਰੀਆਂ ਨੂੰ ਯੌਰਕ ਬੁਲੇਵਾਰਡ ਤੇ ਕੀਲ ਸਟਰੀਟ ਇਲਾਕੇ ਵਿੱਚ ਸ਼ਾਮੀਂ 6:00 ਵਜੇ ਛੁਰੇਬਾਜ਼ੀ ਦੀ ਖਬਰ ਦੇ ਕੇ ਸੱਦਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਵਿਅਕਤੀ ਕਥਿਤ ਤੌਰ ਉੱਤੇ ਯੌਰਕ ਯੂਨੀਵਰਸਿਟੀ ਕੈਂਪਸ ਵਿੱਚ ਤੁਰਿਆ ਜਾ ਰਿਹਾ ਸੀ ਜਦੋਂ ਤਿੰਨ ਅਣਪਛਾਤੇ ਵਿਅਕਤੀਆਂ ਨੇ ਉਸ ਕੋਲ ਪਹੁੰਚ ਕੇ ਉਸ ਦੀ ਜੈਕੇਟ ਮੰਗੀ ਤੇ ਉਸ ਨੇ ਉਹ ਜੈਕੇਟ ਉਨ੍ਹਾਂ ਨੂੰ ਦੇ ਦਿੱਤੀ। ਇਸ ਮਗਰੋਂ ਤਿੰਨਾਂ ਮਸ਼ਕੂਕਾਂ ਨੇ ਉਸ ਨੂੰ ਕੁੱਟਣਾ ਮਾਰਨਾ ਸ਼ੁਰੂ ਕਰ ਦਿੱਤਾ। ਫਿਰ ਇਸੇ ਗਰੁੱਪ ਨੇ ਇੱਕ ਹੋਰ ਵਿਅਕਤੀ ਉੱਤੇ ਹਮਲਾ ਬੋਲ ਦਿੱਤਾ। ਜਦੋਂ ਇਸ ਗਰੁੱਪ ਦੇ ਸ਼ਿਕਾਰ ਪਹਿਲੇ ਵਿਅਕਤੀ ਨੇ ਦੂਜੇ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਤਾਂ ਮਸ਼ਕੂਕਾਂ ... ਬਾਕੀ ਸਫਾ 2 'ਤੇ

## ਘਾਤਕ ਹਾਦਸੇ ਮਗਰੋਂ ਮਹਿਲਾ ਨੂੰ ਕੀਤਾ ਗਿਆ ਚਾਰਜ



ਮਾਰਖਮ, 4 ਅਪਰੈਲ (ਪੋਸਟ ਬਿਊਰੋ) : ਮਾਰਖਮ ਵਿੱਚ ਦੋ ਗੱਡੀਆਂ ਦੀ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਜਾਣ ਉੱਤੇ ਮਹਿਲਾ ਡਰਾਈਵਰ ਨੂੰ ਚਾਰਜ ਕੀਤਾ ਗਿਆ ਹੈ।

14 ਜਨਵਰੀ ਨੂੰ ਦੁਪਹਿਰੇ 2:30 ਵਜੇ ਤੋਂ ਪਹਿਲਾਂ ਬਰ ਓਕ ਐਵਨਿਊ ਤੇ ਮੈਕੋਵਨ ਰੋਡ ਏਰੀਆ ਵਿੱਚ ਯੌਰਕ ਰੀਜਨਲ ਪੁਲਿਸ ਨੂੰ ਦੋ ਗੱਡੀਆਂ ਦਰਮਿਆਨ ਹੋਏ ਹਾਦਸੇ ਦੀ ਰਿਪੋਰਟ ਦੇ ਕੇ ਸੱਦਿਆ ਗਿਆ। ਹਾਦਸਾ ਐਸਯੂਵੀ ਤੇ ਹਿਊਂਡਾਇ ਐਲਾਂਤਰਾ ਦਰਮਿਆਨ ਹੋਇਆ। ਹਾਦਸੇ ਵਿੱਚ ਗੰਭੀਰ ਤੌਰ ਉੱਤੇ ਜ਼ਖ਼ਮੀ ਹੋਏ ਹਿਉਂਡਾਇ ਵਿੱਚ ਸਵਾਰ 45 ਸਾਲਾਂ ਦੇ ਪੁਰਸ਼ ਡਰਾਈਵਰ ਤੇ 75 ਸਾਲਾਂ ਦੀ ਮਹਿਲਾ ਪੈਸੈਂਜਰ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ। ਜ਼ਖ਼ਮਾਂ ਦੀ ਤਾਬ ਨਾ ... ਬਾਕੀ ਸਫਾ 2 'ਤੇ

## ਟਰਾਂਸਪੋਰਟ ਟਰੱਕ ਵੱਲੋਂ ਟੱਕਰ ਮਾਰੇ ਜਾਣ ਕਾਰਨ ਰਾਹਗੀਰ ਜ਼ਖ਼ਮੀ



ਟੋਰਾਂਟੋ, 4 ਅਪਰੈਲ (ਪੋਸਟ ਬਿਊਰੋ) : ਬਰਲਿੰਗਟਨ ਸਕਾਇਵੇਅ ਉੱਤੇ ਟੋਰਾਂਟੋ ਜਾਣ ਵਾਲੀਆਂ ਲੇਨਜ਼ ਵਿੱਚ ਇੱਕ ਟਰਾਂਸਪੋਰਟ ਟਰੱਕ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਪੁਲਿਸ ਵੱਲੋਂ ਕੀਤੀ ਜਾ ਰਹੀ ਜਾਂਚ ਦੇ ਮੱਦੇਨਜ਼ਰ ਟੋਰਾਂਟੋ ਵਾਲੀਆਂ ਕਿਊਈਡਬਲਿਊ ਦੀਆਂ ਸਾਰੀਆਂ ਲੇਨਜ਼ ਬੰਦ ਕਰ ਦਿੱਤੀਆਂ ਗਈਆਂ ਹਨ। ਬਾਅਦ ਵਿੱਚ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਵੱਲੋਂ ਇਹ ਖੁਲਾਸਾ ਕੀਤਾ ਗਿਆ ਕਿ 28 ਸਾਲਾਂ ਦਾ ਇੱਕ ਰਾਹਗੀਰ, ਜੋ ਕਿ ਤਣਾਅ ਵਿੱਚ ਰਸਤੇ ਉੱਤੇ ਤੁਰਿਆ ਜਾ ਰਿਹਾ ਸੀ, ਨੂੰ ਟਰੱਕ ਵੱਲੋਂ ਟੱਕਰ ਮਾਰ ਦਿੱਤੀ ਗਈ। ਹਾਈਵੇਅ ਸੇਫਟੀ ਡਵੀਜ਼ਨ ਨੇ ਦੱਸਿਆ ਕਿ ਉਸ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਦੱਸਿਆ ਕਿ ਕਿਊਈਡਬਲਿਊ ਦੀਆਂ ਟੋਰਾਂਟੋ ਵਾਲੀਆਂ ਲੇਨਜ਼ ਬੁੱਧਵਾਰ ਸਵੇਰੇ 1:00 ਵਜੇ ਤੱਕ ਬੰਦ ਰੱਖੀਆਂ ਜਾਣਗੀਆਂ। ਸ਼ਮਿਡਟ ਨੇ ਦੱਸਿਆ ਕਿ ਜਿਸ ਟਰਾਂਸਪੋਰਟ ਟਰੱਕ ਵੱਲੋਂ ਇਸ ਵਿਅਕਤੀ ਨੂੰ ਟੱਕਰ ਮਾਰੀ ਗਈ ਉਸ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਹੈ ਤੇ ਜਾਂਚਕਾਰਾਂ ਨਾਲ ਪੂਰਾ ਸਹਿਯੋਗ ਕਰ ਰਿਹਾ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LEPAGE Flower City Realty

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
Colour options available
Spring SALE with fresh deals
$1699*
Upgrade to steam wash $299
$299
Upgrade to $399
$2999*
$4499*
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic.12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਉੱਘੇ ਸ਼ਾਇਰ ਗੁਰਭਜਨ ਸਿੰਘ ਗਿੱਲ ਦਾ ਪਹਿਲੇ ਨੰਦ ਲਾਲ ਨੂਰਪੁਰੀ ਪੁਰਸਕਾਰ ਨਾਲ ਸਨਮਾਨ

ਜਲੰਧਰ, 4 ਅਪ੍ਰੈਲ (ਪੋਸਟ ਬਿਊਰੋ): ਪੰਜਾਬੀ ਸਾਹਿਤ ਦੇ ਖੇਤਰ 'ਚ ਨੰਦ ਲਾਲ ਨੂਰਪੁਰੀ ਦਾ ਯੋਗਦਾਨ ਬੇਮਿਸਾਲ ਹੈ। ਉਨ੍ਹਾਂ ਦੇ ਗੀਤਾਂ ਦੀ ਧੂੰਮ ਬਾਲੀਵੁੱਡ ਤੱਕ ਪੈਂਦੀ ਰਹੀ ਹੈ ਤੇ ਜਿੱਥੇ ਪ੍ਰਸਿੱਧ ਗਾਇਕ ਮੁਹੰਮਦ ਰਫੀ ਤੋਂ ਲੈ ਕੇ ਗਾਇਕਾ ਲਤਾ ਮੰਗੇਸ਼ਕਰ ਅਤੇ ਆਸ਼ਾ ਭੌਂਸ਼ਲੇ ਵਰਗੀਆਂ ਨਾਮਵਰ ਗਾਇਕਾਵਾਂ ਵਲੋਂ ਉਨ੍ਹਾਂ ਦੇ ਗੀਤਾਂ ਨੂੰ ਆਵਾਜ਼ ਦਿੱਤੀ ਗਈ ਉੱਥੇ ਪੰਜਾਬੀ ਦੀਆਂ ਨਾਮਵਰ ਗਾਇਕਾਵਾਂ ਸੁਰਿੰਦਰ ਕੌਰ ਤੇ ਪ੍ਰਕਾਸ਼ ਕੌਰ ਸਮੇਤ ਹੋਰਨਾਂ ਗਾਇਕਾਂ ਦੀ ਆਵਾਜ਼ 'ਚ ਵੀ ਉਨ੍ਹਾਂ ਦੇ ਗੀਤਾਂ ਅਕਸਰ ਰੇਡੀਓ 'ਤੇ ਗੂੰਜਦੇ ਰਹੇ ਹਨ। ਨੰਦ ਲਾਲ ਨੂਰਪੁਰੀ ਕਵੀ ਦਰਬਾਰਾਂ ਦੀ ਵੀ ਸ਼ਾਨ ਹੋਇਆ ਕਰਦੇ ਸਨ ਤੇ ਅਕਸਰ ਕਵੀ ਦਰਬਾਰਾਂ 'ਚ ਉਨ੍ਹਾਂ ਦਾ ਜ਼ੋਰਦਾਰ ਸਵਾਗਤ ਕੀਤਾ ਜਾਂਦਾ ਸੀ ਪਰ ਜਿਸ ਤਰ੍ਹਾਂ ਦਾ ਮਾਣ ਸਨਮਾਨ ਇਸ ਮਹਾਨ ਸ਼ਾਇਰ ਉਨ੍ਹਾਂ ਨੂੰ ਮਿਲਣਾ ਚਾਹੀਦਾ ਸੀ, ਉਹ ਉਨ੍ਹਾਂ ਨੂੰ ਨਸੀਬ ਨਹੀਂ ਹੋ ਸਕਿਆ। ਸਮੇਂ ਦੀਆਂ ਸਰਕਾਰਾਂ ਨਾਲ ਇਹ ਗਿਲਾ ਅੱਜ ਲੋਕ ਮੰਚ ਪੰਜਾਬ ਵਲੋਂ ਹੰਸ ਰਾਜ ਮਹਿਲਾ ਮਹਾਂਵਿਦਿਆਲਾ ਜਲੰਧਰ ਵਿਖੇ ਕਰਵਾਏ ਇਕ ਪ੍ਰਭਾਵਸ਼ਾਲੀ ਸਮਾਗਮ 'ਚ ਉੱਘੇ ਸ਼ਾਇਰ ਪ੍ਰੋ: ਗੁਰਭਜਨ ਸਿੰਘ ਗਿੱਲ ਨੂੰ ਪਹਿਲਾ ਨੰਦ ਲਾਲ ਨੂਰਪੁਰੀ ਪੁਰਸਕਾਰ ਜਿਸ ਵਿਚ ਸਨਮਾਨ ਪੱਤਰ ਤੇ ਯਾਦਗਾਰੀ ਚਿੰਨ੍ਹ ਤੋਂ ਇਲਾਵਾ ਇਕ ਲੱਖ




ਰੁਪਏ ਸ਼ਾਮਿਲ ਹਨ,ਪ੍ਰਦਾਨ ਕਰਨ ਤੋਂ ਬਾਅਦ ਕਰਦਿਆਂ 'ਅਜੀਤ' ਪ੍ਰਕਾਸ਼ਨ ਸਮੂਹ ਦੇ ਮੁੱਖ ਸੰਪਾਦਕ ਡਾ. ਬਰਜਿੰਦਰ ਸਿੰਘ ਹਮਦਰਦ ਨੇ ਕਿਹਾ ਕਿ ਨੰਦ ਲਾਲ ਨੂਰਪੁਰੀ ਦਾ ਆਖਰੀ ਸਮਾਂ ਬੇਹੱਦ ਤੰਗੀ ਤੁਰਸ਼ੀ 'ਚ ਗੁਜ਼ਰਿਆ ਤੇ ਉਨ੍ਹਾਂ ਦੀ ਮੌਤ ਵੀ ਬਹੁਤ ਹੀ ਦੁਖਦਾਈ ਢੰਗ ਨਾਲ ਹੋਈ। ਉਨ੍ਹਾਂ ਦੇ ਤੁਰ ਜਾਣ ਤੋਂ ਬਾਅਦ ਪੰਜਾਬੀ ਸਾਹਿਤ ਦੇ ਖੇਤਰ 'ਚ ਉਨ੍ਹਾਂ ਦੇ ਯੋਗਦਾਨ ਨੂੰ ਵੀ ਪੂਰੀ ਤਰ੍ਹਾਂ ਨਾਲ ਵਿਸਾਰ ਦਿੱਤਾ ਗਿਆ। ਉਨ੍ਹਾਂ ਸਰਕਾਰਾਂ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਨੰਦ ਲਾਲ ਨੂਰਪੁਰੀ ਦੀ ਯਾਦ 'ਚ ਕੋਈ ਢੁੱਕਵੀਂ ਸਰਗਰਮੀ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਇਹ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ, ਉੱਥੇ ਇਹ ਸਰਗਰਮੀ ਨੌਜਵਾਨਾਂ ਅੰਦਰ ਉਤਸ਼ਾਹ ਭਰਦੀ ਹੋਈ, ਉਨ੍ਹਾਂ ਨੂੰ ਪੰਜਾਬੀ ਸਾਹਿਤ ਨਾਲ ਜੋੜਨ 'ਚ ਵੀ ਅਹਿਮ ਯੋਗਦਾਨ ਪਾ ਸਕੇਗੀ।

ਇਸ ਮੌਕੇ ਉਨ੍ਹਾਂ ਨੰਦ ਲਾਲ ਨੂਰਪੁਰੀ ਦੀਆਂ ਰਚਨਾਵਾਂ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਹ ਉੱਚ ਕੋਟੀ ਦੇ ਸ਼ਾਇਰ ਸਨ ਤੇ ਉਨ੍ਹਾਂ ਦੇ ਗੀਤ ਤੇ ਕਵਿਤਾਵਾਂ ਪੰਜਾਬੀ ਸੱਭਿਆਚਾਰ ਦੀ ਅਸਲ ਤਰਜ਼ਮਾਨੀ ਕਰਦੀਆਂ ਹਨ। ਇਸ ਮੌਕੇ ਉਨ੍ਹਾਂ ਇਸ ਉਪਰਾਲੇ ਲਈ ਲੋਕ ਮੰਚ ਸੰਸਥਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਉੱਦਮ ਨਾਲ ਹੋਰਨਾਂ ਲੇਖਕਾਂ, ਕਵੀਆਂ ਤੇ ਸ਼ਾਇਰਾਂ ਨੂੰ ਵੀ ਉਤਸ਼ਾਹ ਮਿਲੇਗਾ। ਇਸ ਦੇ ਨਾਲ ਹੀ ਉਨ੍ਹਾਂ ਐਚ. ਐਮ. ਵੀ. ਕਾਲਜ ਵਲੋਂ ਪ੍ਰਿੰਸੀਪਲ ਡਾ. ਅਜੇ ਸਰੀਨ ਦੀ ਅਗਵਾਈ ਹੇਠ ਸਿੱਖਿਆ ਦੇ ਖੇਤਰ 'ਚ ਪਾਏ ਜਾ ਰਹੇ ਯੋਗਦਾਨ ਨੂੰ ਵੀ ਸਰਾਹਿਆ।

ਇਸ ਮੌਕੇ ਡਾ. ਹਮਦਰਦ ਨੇ ਹਾਜ਼ਰੀਨ ਦੀ ਜ਼ੋਰਦਾਰ ਮੰਗ 'ਤੇ ਬਾਬਾ ਬੁੱਲ੍ਹੇ ਸ਼ਾਹ ਦੇ ਕਲਾਮ 'ਮੈਂ ਕਸੁੰਭੜਾ ਚੁਣ-ਚੁਣ ਹਾਰੀ' ਅਤੇ 'ਅੱਜ ਪੀ ਘਰ ਆਇਆ ਲਾਲ ਨੀ' ਆਪਣੀ ਸੋਜ਼ਮਈ ਆਵਾਜ਼ 'ਚ ਪੇਸ਼ ਕਰਕੇ ਸਮਾਗਮ ਨੂੰ ਹੋਰ ਵੀ ਸੁਰਮਈ ਬਣਾ ਦਿੱਤਾ।

ਇਸ ਤੋਂ ਪਹਿਲਾਂ ਪ੍ਰੋ: ਗੁਰਭਜਨ ਸਿੰਘ ਗਿੱਲ ਨੇ ਆਪਣੇ ਸਾਹਿਤਕ ਸਫਰ ਬਾਰੇ ਗੱਲ ਕਰਦਿਆਂ ਕਿਹਾ ਕਿ ਦੇਸ਼ ਵੰਡ ਦੇ ਦੁਖਾਂਤ ਦਾ ਉਨ੍ਹਾਂ ਦੇ ਮਨ 'ਤੇ ਡੂੰਘਾ ਅਸਰ ਹੈ ਤੇ ਉਸ ਸਮੇਂ ਹੋਈ ਕਤਲੋਗਾਰਦ 'ਚ ਉਨ੍ਹਾਂ ਨੂੰ ਕਈ ਆਪਣਿਆਂ ਨੂੰ ਗੁਆਉਣਾ ਪਿਆ ਤੇ ਉਸ ਸਮੇਂ ਦੀਆਂ ਕੁਲਹਿਣੀਆਂ ਯਾਦਾਂ ਅੱਜ ਵੀ ਉਨ੍ਹਾਂ ਦਾ ਪਿੱਛਾ ਨਹੀਂ ਛੱਡਦੀਆਂ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ ਸੰਵੇਦਨਾ ਤੇ ਵੇਦਨਾ ਸੁਮੇਲ ਹੀ ਉਨ੍ਹਾਂ ਦੀ ਸ਼ਾਇਰੀ ਦੀ ਅਸਲ ਵਿਰਾਸਤ ਹੈ। ਉਨ੍ਹਾਂ ਕਿਹਾ ਕਿ ਉਹ ਗੁਰੂ ਨਾਨਕ, ਬਾਬਾ ਫਰੀਦ ਤੇ ਬਾਬਾ ਬੁੱਲ੍ਹੇ ਸ਼ਾਹ ਸਮੇਤ ਪ੍ਰੋ. ਪੂਰਨ ਸਿੰਘ, ਪ੍ਰੋ: ਮੋਹਨ ਸਿੰਘ,ਸ਼ਿਵ ਕੁਮਾਰ ਬਟਾਲਵੀ ਤੇ ਲੋਕ ਗਾਇਕ ਅਮਰਜੀਤ ਗੁਰਦਾਸਪੁਰੀ, ਤੋਂ ਵੀ ਬੇਹੱਦ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਮਾਡਲ ਹਾਊਸ ਜਲੰਧਰ ਦਾ ਨਾਮ ਨੰਦ ਲਾਲ ਨੂਰਪੁਰੀ ਨਗਰ ਕਰਨ ਲਈ ਪੰਜਾਬ ਸਰਕਾਰ ਨੂੰ ਕਿਹਾ ਜਾਵੇ। ਇਸ ਸਬੰਧੀ ਸਭ ਹਾਜ਼ਰ ਵਿਅਕਤੀਆਂ ਨੇ ਹੱਥ ਖੜ੍ਹੇ ਕਰਕੇ ਸਹਿਮਤੀ ਦਿੱਤੀ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਮਨਜਿੰਦਰ ਸਿੰਘ ਨੇ ਵੀ ਬਹੁਤ ਹੀ ਭਾਵਪੂਰਤ ਸ਼ਬਦਾਂ ਵਿਚ ਪ੍ਰੋ. ਗੁਰਭਜਨ ਸਿੰਘ ਗਿੱਲ ਦੇ ਸਾਹਿਤਕ ਸਫਰ ਅਤੇ ਨਿੱਜੀ ਜ਼ਿੰਦਗੀ ਦੇ ਵੱਖ-ਵੱਖ ਪਹਿਲੂਆਂ 'ਤੇ ਚਾਨਣਾ ਪਾਇਆ।

## ਅੱਜ ਨਾਮਾ

ਲੱਗੀ ਆ ਚੋਣ ਜਲੰਧਰ ਵਿੱਚ ਭਖਣ ਬੇਲੀ,
ਲੀਡਰ ਲੱਗ ਪਏ ਗੇੜੇ ਹਨ ਲਾਉਣ ਬੇਲੀ।
ਸੱਦ-ਸੱਦ ਵਰਕਰਾਂ ਨੂੰ ਲੱਗੇ ਮਿਲਣ ਬੇਲੀ,
ਰੁੱਸਿਆਂ ਹੋਇਆਂ ਨੂੰ ਜਾਣ ਮਨਾਉਣ ਬੇਲੀ।
ਲੰਘ ਜਾਏ ਚੋਣ ਤਾਂ ਦੇਵਾਂਗੇ ਖਾਸ ਅਹੁਦਾ,
ਚੋਗਾ ਏਹੋ ਜਿਹਾ ਲੱਗ ਪਏ ਪਾਉਣ ਬੇਲੀ।
ਆਪਣੇ ਕਿਰਦਾਰ ਦੀਕਦੇ ਨਾਬਾਤਕਰਦੇ,
ਵਿਰੋਧੀ ਪੱਖ ਵਿੱਚ ਨੁਕਸ ਗਿਣਾਉਣ ਬੇਲੀ।
ਉਮੀਦਵਾਰਾਂ ਦੀ ਸਾਰੀ ਨਹੀਂ ਲਿਸਟ ਆਈ,
ਸੀਨ ਵੀਹੋਇਆ ਨਾਅਜੇ ਆ ਸਾਫ ਬੇਲੀ।
ਚੇਲੇ-ਚਮਚੇ ਕਈ ਪਹਿਲਾਂ ਨੇ ਆਣ ਪਹੁੰਚੇ,
ਛਕਣ-ਛਕਾਉਣ ਤੇ ਛੱਡਣ ਨੂੰ ਭਾਫ ਬੇਲੀ।

**ਤੀਸ ਮਾਰ ਖਾਂ**

# ਯੌਰਕ ਯੂਨੀਵਰਸਿਟੀ ਦੇ ਕੈਂਪਸ ਵਿੱਚ ਛੁਰੇਬਾਜ਼ੀ ਕਰਨ ਵਾਲੇ ਤਿੰਨ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਸਫਾ 1 ਦਾ ਬਾਕੀ

ਨੇ ਪਹਿਲੇ ਵਿਅਕਤੀ ਨੂੰ ਚਾਕੂ ਮਾਰ ਦਿੱਤਾ ਤੇ ਆਪ ਉੱਥੋਂ ਪੈਦਲ ਹੀ ਫਰਾਰ ਹੋ ਗਏ।

ਜ਼ਖ਼ਮੀ ਹਾਲਤ ਵਿੱਚ ਉਸ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਇੱਕ ਮਸ਼ਕੂਕ 20 ਤੋਂ 25 ਸਾਲ ਦੇ ਨੇੜੇ ਤੇੜੇ, ਛੇ ਫੁੱਟ ਤੇ 180 ਪਾਊਂਡ ਵਜ਼ਨੀ ਦੱਸਿਆ ਜਾਂਦਾ ਹੈ। ਉਹ ਕਲੀਨ-ਸ਼ੇਵਨ ਹੈ ਤੇ ਉਸ ਦੇ ਨਿੱਕੇ ਘੁੰਗਰਾਲੇ ਵਾਲ ਹਨ ਤੇ ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦੀ ਚਮਕੀਲੀ ਪੱਫਰ ਜੈਕੇਟ, ਨੀਲੀ ਪੈਂਟ ਤੇ ਕਾਲੇ ਜੁੱਤੇ ਪਾਇਆਂ ਵੇਖਿਆ ਗਿਆ ਸੀ।ਦੂਜਾ ਮਸ਼ਕੂਕ 20 ਤੋਂ 25 ਸਾਲ ਦਰਮਿਆਨ, ਪੰਜ ਫੁੱਟ ਸੱਤ ਇੰਚ ਤੇ 150 ਪਾਊਂਡ ਵਜ਼ਨੀ ਦੱਸਿਆ ਜਾਂਦਾ ਹੈ। ਉਹ ਵੀ ਕਲੀਨ-ਸ਼ੇਵਨ ਹੈ, ਜਿਸ ਦੇ ਕਾਲੇ ਨਿੱਕੇ ਸਪਾਈਕੀ ਵਾਲ ਹਨ ਤੇ ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦੀ ਜੈਕੇਟ, ਜਿਸ ਦਾ ਫਰ ਵਾਲਾ ਹੁੱਡ ਹੈ, ਗ੍ਰੇਅ ਸਵੈੱਟਪੈਂਟਸ ਤੇ ਕਾਲੇ ਜੁੱਤੇ ਪਾਇਆਂ ਵੇਖਿਆ ਗਿਆ। ਤੀਜੇ ਮਸ਼ਕੂਕ ਦੀ ਉਮਰ ਵੀ 20 ਤੋਂ 25 ਸਾਲ ਦਰਮਿਆਨ ਦੱਸੀ ਜਾਂਦੀ ਹੈ। ਉਸ ਦਾ ਕੱਦ ਪੰਜ ਫੁੱਟ ਸੱਤ ਇੰਚ ਤੇ ਵਜ਼ਨ 150 ਪਾਊਂਡ ਦੱਸਿਆ ਜਾਂਦਾ ਹੈ। ਉਸ ਦੇ ਵੀ ਨਿੱਕੇ ਕਾਲੇ ਸਪਾਈਕੀ ਵਾਲ ਹਨ ਤੇ ਉਸ ਨੂੰ ਆਖਰੀ ਵਾਰੀ ਭੂਰੇ ਰੰਗ ਦੀ ਪਫਰ ਜੈਕੇਟ, ਕਾਲੀ ਸ਼ਰਟ, ਗ੍ਰੇਅ ਸਵੈੱਟਪੈਂਟਸ ਤੇ ਕਾਲੇ ਜੁੱਤਿਆਂ ਵਿੱਚ ਵੇਖਿਆ ਗਿਆ।

# ਆਪਣੇ ਉੱਤੇ ਲੱਗੇ ਦੋਸ਼ਾਂ ਨੂੰ ਟਰੰਪ ਨੇ ਨਕਾਰਿਆ

ਸਫਾ 1 ਦਾ ਬਾਕੀ

ਮੁੜ ਆਪਣੇ ਸੈਂਕੜੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਖੁਦ ਨੂੰ ਬੇਕਸੂਰ ਦੱਸਿਆ। ਉਨ੍ਹਾਂ ਆਖਿਆ ਕਿ ਉਨ੍ਹਾਂ ਕਦੇ ਵੀ ਇਹ ਨਹੀਂ ਸੀ ਸੋਚਿਆ ਕਿ ਅਮਰੀਕਾ ਵਿੱਚ ਵੀ ਅਜਿਹਾ ਕੁੱਝ ਹੋ ਸਕਦਾ ਹੈ। ਇਹ ਜਾਅਲੀ ਕੇਸ ਹੈ ਤੇ ਇਸ ਨੂੰ 2024 ਦੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਕੇ ਲਿਆਂਦਾ ਗਿਆ ਹੈ ਤੇ ਇਸ ਲਈ ਇਸ ਨੂੰ ਤੁਰੰਤ ਖਾਰਜ ਕਰ ਦਿੱਤਾ ਜਾਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਨਿਊ ਯੌਰਕ ਵਿੱਚ ਕਾਰੋਬਾਰੀ ਰਿਕਾਰਡਜ਼ ਨਾਲ ਛੇੜਛਾੜ ਕਰਨ ਦੇ ਹਰੇਕ ਮਾਮਲੇ ਤੇ ਘੋਰ ਅਪਰਾਧ ਲਈ ਚਾਰ ਸਾਲਾਂ ਦੀ ਸਜ਼ਾ ਦਿੱਤੀ ਜਾਂਦੀ ਹੈ। ਪਰ ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਟਰੰਪ ਦੇ ਦੋਸ਼ੀ ਪਾਏ ਜਾਣ ਉੱਤੇ ਜੱਜ ਉਨ੍ਹਾਂ ਨੂੰ ਜੇਲ੍ਹ ਭੇਜਣਗੇ ਜਾਂ ਨਹੀਂ।ਟਰੰਪ ਦੇ ਇਸ ਮਾਮਲੇ ਦੀ ਅਗਲੀ ਪੇਸ਼ੀ 4 ਦਸੰਬਰ ਨੂੰ ਹੋਵੇਗੀ।

# ਘਾਤਕ ਹਾਦਸੇ ਮਗਰੋਂ ਮਹਿਲਾ ਨੂੰ ਕੀਤਾ ਗਿਆ ਚਾਰਜ

ਸਫਾ 1 ਦਾ ਬਾਕੀ

ਸਹਾਰਦਿਆਂ ਹੋਇਆਂ ਮਹਿਲਾ ਦੀ ਮੌਤ ਹੋ ਗਈ। ਪੁਲਿਸ ਵੱਲੋਂ ਪੁਰਸ਼ ਦੀ ਹਾਲਤ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ।

ਐਸਯੂਵੀ ਵਿੱਚ ਸਵਾਰ 59 ਸਾਲਾ ਮਹਿਲਾ ਡਰਾਈਵਰ ਨੂੰ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪੁਲਿਸ ਵੱਲੋਂ ਮਹਿਲਾ ਦੀ ਪਛਾਣ ਮਾਰਖਮ ਦੀ ਜੋਏਨ ਚੈਨ ਵਜੋਂ ਕੀਤੀ ਗਈ ਹੈ। ਉਸ ਨੂੰ ਖਤਰਨਾਕ ਢੰਗ ਨਾਲ ਡਰਾਈਵਿੰਗ ਕਰਨ, ਜਿਸ ਕਾਰਨ ਕਿਸੇ ਦੀ ਮੌਤ ਹੋਈ, ਲਈ ਚਾਰਜ ਕੀਤਾ ਗਿਆ ਹੈ। ਉਸ ਨੂੰ 4 ਮਈ, 2023 ਨੂੰ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Paramjit Singh Gill
(MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਰਕਾਰੀ ਸਕੂਲਾਂ ਦੀਆਂ ਜ਼ਮੀਨੀ ਹਕੀਕਤਾਂ ਸਮਝਣ ਵਾਸਤੇ ਸਿੱਖਿਆ ਮੰਤਰੀ ਬੈਂਸ ਵਲੋਂ ਪੰਜਾਬ ਦੌਰੇ ਦੀ ਸ਼ੁਰੂਆਤ

*** ਅਪ੍ਰੈਲ ਮਹੀਨੇ ਵਿਚ ਕਰਨਗੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਦਾ ਦੌਰਾ * ਸਰਹੱਦੀ ਜ਼ਿਲ੍ਹੇ ਫਾਜਿਲਕਾ ਤੋਂ ਦੌਰੇ ਦੀ ਸ਼ੁਰੂਆਤ**

ਚੰਡੀਗੜ੍ਹ, 4 ਅਪ੍ਰੈਲ (ਗਿਆਨ ਸਿੰਘ ) ਸੂਬੇ ਦੇ ਸਰਕਾਰੀ ਸਕੂਲਾਂ ਦੀ ਜ਼ਮੀਨੀ ਹਕੀਕਤ ਤੋਂ ਚੰਗੀ ਤਰ੍ਹਾਂ ਵਾਕਿਫ਼ ਹੋਣ ਦੇ ਮੰਤਵ ਨਾਲ ਸਕੂਲ ਸਿੱਖਿਆ ਮੰਤਰੀ ਸ। ਹਰਜੋਤ ਸਿੰਘ ਬੈਂਸ ਨੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਦਾ ਦੌਰਾ ਸ਼ੁਰੂ ਕੀਤਾ ਹੈ।



ਇਸ ਦੌਰੇ ਦੀ ਸ਼ੁਰੂਆਤ ਅੱਜ ਫਾਜ਼ਿਲਕਾ ਜ਼ਿਲ੍ਹੇ ਤੋਂ ਕੀਤੀ ਜਾ ਰਹੀ ਅਤੇ ਇਹ ਪੂਰੇ ਅਪ੍ਰੈਲ ਮਹੀਨੇ ਦੌਰਾਨ ਜਾਰੀ ਰਹੇਗਾ।

ਬੈਂਸ ਆਪਣੇ ਇਸ ਦੌਰੇ ਦੀ ਸ਼ੁਰੂਆਤ 4 ਅਪ੍ਰੈਲ 2023 ਨੂੰ ਫਾਜਿਲਕਾ ਤੋਂ ਕਰ ਰਹੇ ਹਨ ਅਤੇ 5 ਅਪ੍ਰੈਲ ਨੂੰ ਫਿਰੋਜਪੁਰ, 6 ਅਪ੍ਰੈਲ ਨੂੰ ਰੋਪੜ ਤੇ ਮੋਹਾਲੀ, 7 ਅਤੇ 8 ਅਪ੍ਰੈਲ ਨੂੰ ਅੰਮ੍ਰਿਤਸਰ, 12 ਅਤੇ 13 ਅਪ੍ਰੈਲ ਨੂੰ ਤਰਨਤਾਰਨ, ਕਪੂਰਥਲਾ, ਬਠਿੰਡਾ, ਸ਼੍ਰੀ ਮੁਕਤਸਰ ਸਾਹਿਬ, 17 ਅਪ੍ਰੈਲ ਨੂੰ ਜਲੰਧਰ, 18 ਅਪ੍ਰੈਲ ਨੂੰ ਫ਼ਤਹਿਗੜ੍ਹ ਸਾਹਿਬ, 20, 21 ਅਤੇ 22 ਅਪ੍ਰੈਲ ਨੂੰ ਪਟਿਆਲਾ, ਲੁਧਿਆਣਾ, ਮਲੇਰਕੋਟਲਾ, ਫਰੀਦਕੋਟ, ਮੋਗਾ ਅਤੇ ਬਰਨਾਲਾ, 24 ਅਪ੍ਰੈਲ ਨੂੰ ਸੰਗਰੂਰ ਅਤੇ ਮਾਨਸਾ, 27, 28 ਅਤੇ 29 ਅਪ੍ਰੈਲ ਨੂੰ ਹੁਸ਼ਿਆਰਪੁਰ, ਨਵਾਂਸ਼ਹਿਰ, ਪਠਾਨਕੋਟ ਅਤੇ ਗੁਰਦਾਸਪੁਰ ਜਿਲੇ ਦੇ ਸਕੂਲਾਂ ਦਾ ਨਿਰੀਖਣ ਕਰਨਗੇ।

ਇਸ ਦੌਰੇ ਦੌਰਾਨ ਸ। ਹਰਜੋਤ ਸਿੰਘ ਬੈਂਸ ਨਵੇਂ ਦਾਖਲੇ, ਕਿਤਾਬਾਂ, ਵਰਦੀਆਂ, ਸਕੂਲਾਂ ਦੇ ਮੁਢਲੇ ਢਾਂਚੇ ਬਾਰੇ ਜਾਣਕਾਰੀ ਹਾਸਿਲ ਕਰਨਗੇ।

ਆਪਣੇ ਇਸ ਦੌਰੇ ਬਾਰੇ ਜਾਣਕਾਰੀ ਦਿੰਦਿਆਂ ਸਿੱਖਿਆ ਮੰਤਰੀ ਸ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਸ। ਭਗਵੰਤ ਮਾਨ ਦੇ ਨਿਰਦੇਸ਼ਾਂ ਅਨੁਸਾਰ ਸਕੂਲ ਸਿੱਖਿਆ ਵਿਭਾਗ ਦੀਆਂ ਨੀਤੀ ਨੂੰ ਹੋਰ ਵਧੀਆ ਬਨਾਉਣ ਲਈ ਜ਼ਮੀਨੀ ਲੋੜਾਂ ਨੂੰ ਸਮਝ ਕੇ ਬਣਾਇਆ ਜਾ ਸਕਦਾ ਹੈ ਜਿਸ ਲਈ ਚੰਡੀਗੜ੍ਹ ਦੇ ਦਫ਼ਤਰਾਂ ਵਿਚ ਬੈਠਣ ਦੀ ਥਾਂ ਇਹ ਦੌਰਾ ਬਹੁਤ ਜ਼ਰੂਰੀ ਹੈ।

ਉਹਨਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਉੱਚ ਮਿਆਰਾਂ ਵਾਲੀ ਸਿੱਖਿਆ ਮੁਹੱਈਆ ਕਰਵਾਉਣ ਦਾ ਵਾਅਦਾ ਕੀਤਾ ਹੈ ਜਿਸਦੀ ਪੂਰਤੀ ਵਾਸਤੇ ਉਹ ਕੋਈ ਕਸਰ ਬਾਕੀ ਨਹੀਂ ਛੱਡਣਗੇ।

# 1.37 ਕਰੋੜ ਰੁਪਏ ਦੀ ਲਾਗਤ ਨਾਲ ਫਰੀਦਕੋਟ ਵਿਖੇ ਬਣਾਈ ਜਾਵੇਗੀ ਦੂਸਰੀ ਸਟੇਟ ਐਗਮਾਰਕ ਲੈਬ - ਵਿਧਾਇਕ ਸੇਖੋਂ

ਫਰੀਦਕੋਟ 4 ਅਪ੍ਰੈਲ ( ਗਿਆਨ ਸਿੰਘ) ਪੰਜਾਬ ਖੇਤੀ ਪ੍ਰਧਾਨ ਸੂਬਾ ਹੋਣ ਕਰਕੇ ਇੱਥੋਂ ਦੇ ਕਿਸਾਨਾਂ ਨੂੰ ਉੱਚ ਦਰਜੇ ਦੇ ਮਿਆਰੀ ਬੀਜ ਅਤੇ ਖਾਦ ਪਦਾਰਥ ਦੇਣ ਲਈ ਪੰਜਾਬ ਸਰਕਾਰ ਵੱਲੋਂ ਫਰੀਦਕੋਟ ਵਿਖੇ ਇੱਕ ਸਟੇਟ ਐਗਮਾਰਕ ਲੈਬ ਦੀ ਉਸਾਰੀ ਖੇਤੀਬਾੜੀ ਦਫਤਰ ਫਰੀਦਕੋਟ ਵਿਖੇ ਬਣਾਈ ਜਾ ਰਹੀ ਹੈ। ਇਸ ਸਟੇਟ ਐਗਮਾਰਕ ਲੈਬ ਦੀ ਉਸਾਰੀ ਉੱਪਰ 1137 ਕਰੋੜ ਰੁਪਏ ਖਰਚ ਆਉਣਗੇ।ਇਹ ਜਾਣਕਾਰੀ ਫਰੀਦਕੋਟ ਤੋਂ ਹਲਕਾ ਵਿਧਾਇਕ ਸ।ਗੁਰਦਿੱਤ ਸਿੰਘ ਸੇਖੋਂ ਨੇ ਦਿੱਤੀ



ਉਨ੍ਹਾਂ ਕਿਹਾ ਕਿ ਇਸ ਸਟੇਟ ਐਗਮਾਰਕ ਲੈਬ ਦੀ ਉਸਾਰੀ ਵਿੱਚ ਪਿਛਲੇ ਕਾਫੀ ਸਮੇਂ ਤੋਂ ਕੁਝ ਅੜਚਨਾ ਸਨ। ਜਿਸ ਨੂੰ ਸ।ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਵੱਲੋਂ ਦਿੱਤੇ ਗਏ ਸਹਿਯੋਗ ਨਾਲ ਦੂਰ ਕਰ ਦਿੱਤਾ ਗਿਆ ਹੈ। ਇਸ ਲੈਬ ਦੀ ਉਸਾਰੀ ਦਾ ਕੰਮ ਆਉਣ ਵਾਲੇ 1-2 ਦਿਨਾਂ ' ਸ਼ੁਰੂ ਹੋਣ ਜਾ ਰਿਹਾ ਹੈ।

ਪੰਜਾਬ ਵਿੱਚ ਇਸ ਸਮੇਂ ਇੱਕ ਸਟੇਟ ਐਗਮਾਰਕ ਲੈਬ ਕੰਮ ਕਰ ਰਹੀ ਹੈ ਜੋ ਕਿ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੈ। ਦੂਜੀ ਐਗਮਾਰਕ ਲੈਬ ਫਰੀਦਕੋਟ ਵਿਖੇ ਉਸਾਰੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਿੱਧੇ ਅਤੇ ਸਰਲ ਸ਼ਬਦਾਂ ਵਿੱਚ ਇਸ ਲੈਬ ਵਿੱਚ ਖੇਤੀਬਾੜੀ ਨਾਲ ਸਬੰਧਿਤ ਬੀਜ ਅਤੇ ਖਾਦ ਪਦਾਰਥਾਂ ਦੇ ਟੈਸਟ ਕੀਤੇ ਜਾਣਗੇ ਅਤੇ ਉਹਨਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਇਆ ਜਾਵੇਗਾ।

ਐਗਮਾਰਕ ਇੱਕ ਐਗਰੀ ਕਲਚਰ ਮਾਰਕ ਹੈ। ਜੋ ਕਿ ਇੱਕ ਪ੍ਰਮਾਣੀਕਰਨ ਚਿੰਨ੍ਹ ਹੈ ਜੋ ਕਿ ਭਾਰਤ ਦੇ ਖੇਤੀਬਾੜੀ ਉਤਪਾਦਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਵਰਤਿਆ ਜਾਂਦਾ ਹੈ। ਐਗਮਾਰਕ ਸਰਟੀਫਿਕੇਸ਼ਨ ਨੂੰ ਐਗਮਾਰਕ ਗ੍ਰੇਡਿੰਗ ਵਜੋਂ ਵੀ ਜਾਣਿਆ ਜਾਂਦਾ ਹੈ। ਐਗਮਾਰਕ ਭਾਰਤ ਵਿੱਚ ਪੈਦਾ ਕੀਤੇ ਅਤੇ ਖਪਤ ਕੀਤੇ ਜਾਣ ਵਾਲੇ ਖੇਤੀ ਉਤਪਾਦਾਂ ਲਈ ਇੱਕ ਤੀਜੀ ਧਿਰ ਦੀ ਭਰੋਸਾ ਪ੍ਰਣਾਲੀ ਹੈ। ਖੇਤੀ ਵਸਤਾਂ ਵੱਖ-ਵੱਖ ਗ੍ਰੇਡ ਜਿਵੇਂ ਕਿ ਆਮ, ਨਿਰਪੱਖ, ਚੰਗੇ, ਵਿਸ਼ੇਸ਼ ਆਦਿ ਦੇ ਅਧੀਨ ਆਉਂਦੀਆਂ ਹਨ। ਇਹਨਾਂ ਗ੍ਰੇਡਾਂ ਨੂੰ ਐਗਮਾਰਕ ਮਿਆਰਾਂ ਵਜੋਂ ਜਾਣਿਆ ਜਾਂਦਾ ਹੈ। ਐਗਮਾਰਕ ਗ੍ਰੇਡਿੰਗ ਵਿੱਚ ਖੇਤੀਬਾੜੀ ਉਤਪਾਦਾਂ ਨੂੰ ਰਸਾਇਣਕ ਰਚਨਾ ਜਾਂ ਗੁਣਵੱਤਾ ਦੇ ਰੂਪ ਵਿੱਚ ਸ਼੍ਰੇਣੀਬੱਧ ਕੀਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਐਗਮਾਰਕ ਲੈਬ ਵਿੱਚ 222 ਖੇਤੀ ਉਤਪਾਦ ਜਿਵੇਂ ਕਿ ਬਨਸਪਤੀ ਤੇਲ, ਦਾਲਾਂ, ਅਨਾਜ, ਅਰਧ-ਪ੍ਰੋਸੈਸਡ ਵਸਤੂਆਂ ਆਦਿ ਨੂੰ ਕਵਰ ਕੀਤੇ ਜਾਵੇਗਾ।

# ਤੇਲੰਗਾਨਾ ਵਿਚ ਇੰਡੀਗੋ ਦੇ ਜਹਾਜ਼ ਦੀ ਐਮਰਜੈਂਸੀ ਲੈਂਡਿੰਗ, 137 ਯਾਤਰੀ ਵਾਲ-ਵਾਲ ਬਚੇ

ਨਵੀਂ ਦਿੱਲੀ, 4 ਅਪ੍ਰੈਲ (ਪੋਸਟ ਬਿਊਰੋ) : ਇੰਡੀਗੋ ਦੀ ਫਲਾਈਟ ਨੂੰ ਤਕਨੀਕੀ ਖਰਾਬੀ ਤੋਂ ਬਾਅਦ ਐਮਰਜੈਂਸੀ ਲੈਂਡਿੰਗ ਕਰਨੀ ਪਈ। ਦਰਅਸਲ, ਬੈਂਗਲੁਰੂ ਤੋਂ ਵਾਰਾਣਸੀ ਜਾ ਰਹੀ ਫਲਾਈਟ (6897) 'ਚ 137 ਯਾਤਰੀ ਸਵਾਰ ਸਨ, ਤਕਨੀਕੀ ਖਰਾਬੀ ਕਾਰਨ ਅੱਜ ਸਵੇਰੇ 6.15 ਵਜੇ ਤੇਲੰਗਾਨਾ ਦੇ ਸ਼ਮਸ਼ਾਬਾਦ ਏਅਰਪੋਰਟ 'ਤੇ ਐਮਰਜੈਂਸੀ ਲੈਂਡਿੰਗ ਕਰਵਾਈ ਗਈ। . ਸਾਰੇ ਯਾਤਰੀ ਸੁਰੱਖਿਅਤ ਦੱਸੇ ਜਾ ਰਹੇ ਹਨ।



ਦਰਅਸਲ ਫਲਾਈਟ ਨੇ ਜਿਵੇਂ ਹੀ ਉਡਾਣ ਭਰੀ ਤਾਂ ਪਾਇਲਟ ਨੂੰ ਅਹਿਸਾਸ ਹੋਇਆ ਕਿ ਫਲਾਈਟ 'ਚ ਕੁਝ ਸਮੱਸਿਆ ਹੈ। ਕਪਤਾਨ ਨੇ ਦੇਖਿਆ ਕਿ ਜਹਾਜ਼ ਦੇ ਕੈਬਿਨ ਪ੍ਰੈਸ਼ਰ 'ਚ ਕਮੀ ਆਈ ਹੈ, ਜਿਸ ਤੋਂ ਬਾਅਦ ਉਨ੍ਹਾਂ ਨੇ ਐਮਰਜੈਂਸੀ ਲੈਂਡਿੰਗ ਕਰਨ ਦਾ ਫੈਸਲਾ ਕੀਤਾ।

ਜਾਣਕਾਰੀ ਮੁਤਾਬਕ ਫਲਾਈਟ ਨੇ ਬੈਂਗਲੁਰੂ ਤੋਂ ਉਡਾਣ ਭਰੀ ਤਾਂ ਪਾਇਲਟ ਨੂੰ ਇਸ 'ਚ ਤਕਨੀਕੀ ਖਰਾਬੀ ਦਾ ਪਤਾ ਲੱਗਾ। ਇਸ ਤੋਂ ਬਾਅਦ ਪਾਇਲਟ ਨੇ ਤੇਲੰਗਾਨਾ ਦੇ ਸ਼ਮਸ਼ਾਬਾਦ ਹਵਾਈ ਅੱਡੇ 'ਤੇ ਜਹਾਜ਼ ਦੀ ਐਮਰਜੈਂਸੀ ਲੈਂਡਿੰਗ ਕਰਵਾਈ।

ਜ਼ਿਕਰਯੋਗ ਹੈ ਕਿ ਬੀਤੇ ਦਿਨ ਬੈਂਗਲੁਰੂ ਤੋਂ ਅਬੂ ਧਾਬੀ ਲਈ ਉਡਾਣ ਭਰਨ ਵਾਲੀ ਇਤਿਹਾਦ ਏਅਰਵੇਜ਼ ਦੀ ਫਲਾਈਟ 237 'ਚ ਵੀ ਤਕਨੀਕੀ ਖਰਾਬੀ ਆ ਗਈ ਸੀ, ਜਿਸ ਤੋਂ ਤੁਰੰਤ ਬਾਅਦ ਇਸ ਦੀ ਬੈਂਗਲੁਰੂ ਦੇ ਏਅਰਪੋਰਟ 'ਤੇ ਐਮਰਜੈਂਸੀ ਲੈਂਡਿੰਗ ਕਰਵਾਈ ਗਈ ਸੀ।

# ਚੀਨ ਨੇ ਅਰੁਣਾਚਲ ਦੀਆਂ 11 ਥਾਵਾਂ ਦੇ ਨਾਮ ਬਦਲੇ

ਬੀਜਿੰਗ, 4 ਅਪ੍ਰੈਲ (ਪੋਸਟ ਬਿਊਰੋ) : ਚੀਨ ਅਰੁਣਾਚਲ ਪ੍ਰਦੇਸ਼ ਨੂੰ ਲੈ ਕੇ ਹਠ ਨਹੀਂ ਛੱਡ ਰਿਹਾ ਹੈ। ਹੁਣ ਇਸ ਨੇ ਇੱਕ ਵਾਰ ਫਿਰ ਚੀਨੀ, ਤਿੱਬਤੀ ਅਤੇ ਪਿਨਯਿਨ ਲਿਪੀ ਵਿੱਚ ਅਰੁਣਾਚਲ ਪ੍ਰਦੇਸ਼ ਦੇ ਸਥਾਨਾਂ ਦੇ ਨਾਮਾਂ ਦਾ ਇੱਕ ਸੈੱਟ ਜਾਰੀ ਕੀਤਾ ਹੈ। ਚੀਨ ਨੇ ਭਾਰਤੀ ਖੇਤਰ 'ਤੇ ਆਪਣਾ ਅਧਿਕਾਰ ਜਤਾਉਣ ਦੀ ਮਾੜੀ ਨੀਅਤ ਕਾਰਨ ਅਜਿਹਾ ਕੀਤਾ ਹੈ।

ਚੀਨ ਦੇ ਨਾਗਰਿਕ ਮਾਮਲਿਆਂ ਦੇ ਮੰਤਰਾਲੇ ਨੇ ਐਤਵਾਰ ਨੂੰ ਅਰੁਣਾਚਲ ਪ੍ਰਦੇਸ਼ ਦੀਆਂ 11 ਥਾਵਾਂ ਦੇ ਨਾਂ ਜਾਰੀ ਕੀਤੇ ਹਨ। ਇਨ੍ਹਾਂ ਵਿੱਚ ਦੋ ਜ਼ਮੀਨੀ ਹਿੱਸਿਆਂ ਦੇ ਨਾਂ, ਦੋ ਰਿਹਾਇਸ਼ੀ ਖੇਤਰਾਂ ਦੇ ਨਾਂ, ਪੰਜ ਪਹਾੜੀ ਖੇਤਰਾਂ ਦੇ ਨਾਂ ਅਤੇ ਦੋ ਦਰਿਆਵਾਂ ਦੇ ਨਾਂ ਸ਼ਾਮਲ ਹਨ।

ਚੀਨੀ ਸਰਕਾਰ ਦੀ ਸੂਬਾਈ ਕੌਂਸਲ ਨੇ ਤਿੱਬਤ ਦੇ ਦੱਖਣੀ ਹਿੱਸੇ ਦਾ ਨਾਂ ਜੰਗਨਾਨ ਰੱਖਿਆ ਹੈ। ਇਹ ਜਾਣਕਾਰੀ ਚੀਨ ਦੇ ਸਰਕਾਰੀ ਅਖਬਾਰ ਗਲੋਬਲ ਟਾਈਮਜ਼ ਨੇ ਦਿੱਤੀ ਹੈ।


ਇਹ ਤੀਜੀ ਵਾਰ ਹੈ ਜਦੋਂ ਚੀਨੀ ਸਰਕਾਰ ਨੇ ਅਰੁਣਾਚਲ ਪ੍ਰਦੇਸ਼ ਦੇ ਖੇਤਰਾਂ ਲਈ ਨਵੇਂ ਨਾਮ ਜਾਰੀ ਕੀਤੇ ਹਨ। ਇਸ ਤੋਂ ਪਹਿਲਾਂ 2017 ਵਿੱਚ ਚੀਨ ਨੇ ਅਰੁਣਾਚਲ ਪ੍ਰਦੇਸ਼ ਵਿੱਚ ਛੇ ਥਾਵਾਂ ਅਤੇ 2021 ਵਿੱਚ 15 ਥਾਵਾਂ ਦੇ ਨਾਵਾਂ ਦੀ ਸੂਚੀ ਜਾਰੀ ਕੀਤੀ ਸੀ। ਭਾਰਤ ਨੇ ਇਨ੍ਹਾਂ ਦੋਵਾਂ ਸੂਚੀਆਂ ਨੂੰ ਰੱਦ ਕਰਨ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਭਾਰਤ ਨੇ ਹਮੇਸ਼ਾ ਕਿਹਾ ਹੈ ਕਿ ਅਰੁਣਾਚਲ ਪ੍ਰਦੇਸ਼ ਭਾਰਤ ਦਾ ਅਨਿੱਖੜਵਾਂ ਅਤੇ ਅਟੁੱਟ ਹਿੱਸਾ ਹੈ। ਇਸ 'ਤੇ ਚੀਨ ਦਾ ਦਾਅਵਾ ਉਸ ਦੇ ਮਾੜੇ ਇਰਾਦਿਆਂ ਦਾ ਸਬੂਤ ਹੈ।

ਭਾਰਤ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਅਰਿੰਦਮ ਬਾਗਚੀ ਨੇ ਕਿਹਾ ਹੈ ਕਿ ਇਹ ਪਹਿਲੀ ਵਾਰ ਨਹੀਂ ਹੈ ਕਿ ਚੀਨ ਨੇ ਅਰੁਣਾਚਲ ਪ੍ਰਦੇਸ਼ ਵਿੱਚ ਸਥਾਨਾਂ ਦੇ ਨਾਮ ਆਪਣੇ ਹਿਸਾਬ ਨਾਲ ਤੈਅ ਕਰਨ ਦੀ ਕਾਰਵਾਈ ਕੀਤੀ ਹੈ। ਉਹ ਪਹਿਲਾਂ ਵੀ ਅਜਿਹੇ ਮਾੜੇ ਇਰਾਦੇ ਦਿਖਾਉਂਦੇ ਰਹੇ ਹਨ। ਭਾਰਤ ਇਸ ਦੀ ਸਖ਼ਤ ਨਿੰਦਾ ਕਰਦਾ ਹੈ।

ਚੀਨ ਨੇ 2017 ਵਿੱਚ ਤਿੱਬਤੀ ਅਧਿਆਤਮਕ ਆਗੂ ਦਲਾਈ ਲਾਮਾ ਦੀ ਉੱਥੇ ਯਾਤਰਾ ਤੋਂ ਬਾਅਦ ਪਹਿਲੀ ਵਾਰ ਅਰੁਣਾਚਲ ਪ੍ਰਦੇਸ਼ ਦੇ ਨਾਮਾਂ ਦਾ ਸੈੱਟ ਜਾਰੀ ਕੀਤਾ ਸੀ। ਇਸ ਨੂੰ ਦਲਾਈ ਲਾਮਾ ਦੇ ਅਰੁਣਾਚਲ ਪ੍ਰਦੇਸ਼ ਦੌਰੇ ਦਾ ਪ੍ਰਤੀਕਰਮ ਮੰਨਿਆ ਜਾ ਰਿਹਾ ਸੀ। ਦਲਾਈਲਾਮਾ ਤਿੱਬਤ 'ਤੇ ਚੀਨੀ ਕਬਜ਼ੇ ਦਾ ਵਿਰੋਧ ਕਰਦੇ ਹਨ। ਇਸੇ ਕਰਕੇ ਉਸ ਦੇ ਮਨ ਵਿਚ ਉਨ੍ਹਾਂ ਪ੍ਰਤੀ ਦੁਸ਼ਮਣੀ ਦੀ ਭਾਵਨਾ ਹੈ।

# ਐਲਨ ਮਸਕ ਨੇ ਟਵਿੱਟਰ ਦੇ ਲੋਗੋ ਵਿਚ ਕੀਤਾ ਬਦਲਾਅ

ਵਾਸ਼ਿੰਗਟਨ, 4 ਅਪ੍ਰੈਲ (ਪੋਸਟ ਬਿਊਰੋ): ਐਲਨ ਮਸਕ ਨੇ ਮੰਗਲਵਾਰ ਨੂੰ ਟਵਿੱਟਰ ਦਾ ਲੋਗੋ ਬਦਲ ਦਿੱਤਾ। ਹੁਣ ਲੋਗੋ ਵਿੱਚ ਨੀਲੇ ਪੰਛੀ ਦੀ ਥਾਂ ਕੁੱਤਾ ਦਿਖਾਈ ਦੇ ਰਿਹਾ ਹੈ। ਜਦੋਂ ਤੋਂ ਐਲਨ ਮਸਕ ਨੇ ਟਵਿੱਟਰ ਹਾਸਲ ਕੀਤਾ ਹੈ, ਉਸ ਨੇ ਕਈ ਬਦਲਾਅ ਕੀਤੇ ਹਨ। ਪਹਿਲਾਂ ਬਲੂ ਟਿੱਕ ਲਈ ਸਬਸਕ੍ਰਿਪਸ਼ਨ ਸੇਵਾ ਸ਼ੁਰੂ ਕੀਤੀ, ਹੁਣ ਉਨ੍ਹਾਂ ਨੇ ਟਵਿਟਰ ਦਾ ਲੋਗੋ ਵੀ ਬਦਲ ਦਿੱਤਾ ਹੈ।



ਟਵਿੱਟਰ ਉਪਭੋਗਤਾਵਾਂ ਨੇ ਸੋਮਵਾਰ ਨੂੰ ਟਵਿੱਟਰ ਦੇ ਵੈੱਬ ਸੰਸਕਰਣ 'ਤੇ 'ਡੋਜ' ਮੀਮ ਨੂੰ ਦੇਖਿਆ, ਜੋ ਡੋਗੇਕੋਇਨ ਬਲਾਕਚੈਨ ਅਤੇ ਕ੍ਰਿਪਟੋਕੁਰੰਸੀ ਦੇ ਲੋਗੋ ਦਾ ਹਿੱਸਾ ਹੈ ਅਤੇ 2013 ਵਿੱਚ ਇੱਕ ਮਜ਼ਾਕ ਵਜੋਂ ਬਣਾਇਆ ਗਿਆ ਸੀ। ਮਸਕ ਨੇ ਆਪਣੇ ਅਕਾਉਂਟ 'ਤੇ ਇੱਕ ਖੁਸ਼ਹਾਲ ਪੋਸਟ ਵੀ ਸਾਂਝੀ ਕੀਤੀ, ਜਿਸ ਵਿੱਚ ਇੱਕ ਕਾਰ ਵਿੱਚ 'ਡੋਗੇ' ਮੀਮ (ਸ਼ੀਬਾ ਇਨੂ ਦਾ ਚਿਹਰਾ ਦਿਖਾਇਆ ਗਿਆ) ਅਤੇ ਇੱਕ ਪੁਲਿਸ ਅਧਿਕਾਰੀ, ਜੋ ਉਸਦੇ ਡਰਾਈਵਰ ਲਾਇਸੈਂਸ ਨੂੰ ਵੇਖ ਰਿਹਾ ਸੀ, ਨੂੰ ਕਿਹਾ ਕਿ ਉਸਦੀ ਫੋਟੋ ਬਦਲ ਦਿੱਤੀ ਗਈ ਹੈ।

ਖਾਸ ਗੱਲ ਇਹ ਹੈ ਕਿ ਟਵਿਟਰ ਦੀ ਮੋਬਾਈਲ ਐਪ 'ਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ। ਜਿਕਰਯੋਗ ਹੈ ਕਿ ਡੋਗੇਕੋਇਨ ਬਲਾਕਚੈਨ ਅਤੇ ਕ੍ਰਿਪਟੋਕਰੰਸੀ ਦੇ ਲੋਗੋ ਵਜੋਂ ਜਾਣੇ ਜਾਂਦੇ ਕੁੱਤੇ (ਸ਼ੀਬਾ ਇਨੂ ਦੀ) ਦੀ ਤਸਵੀਰ ਨੂੰ 2013 ਵਿੱਚ ਮਜ਼ਾਕ ਵਜੋਂ ਬਣਾਇਆ ਗਿਆ ਸੀ। ਟਵਿੱਟਰ ਦੇ ਸੀਈਓ ਨੇ 26 ਮਾਰਚ, 2022 ਦਾ ਇੱਕ ਸਕ੍ਰੀਨਸ਼ੌਟ ਵੀ ਸਾਂਝਾ ਕੀਤਾ, ਉਸ ਦੇ ਅਤੇ ਅਗਿਆਤ ਖਾਤੇ ਵਿਚਕਾਰ ਗੱਲਬਾਤ ਜਿੱਥੇ ਬਾਅਦ ਵਾਲੇ ਪੰਛੀ ਨੂੰ ਲੋਗੋ ਨੂੰ "ਡੋਜ" ਵਿੱਚ ਬਦਲਣ ਲਈ ਕਹਿ ਰਿਹਾ ਸੀ। ਟਵਿੱਟਰ 'ਤੇ ਇਸ ਪੋਸਟ ਨੂੰ ਸਾਂਝਾ ਕਰਦੇ ਹੋਏ, ਮਸਕ ਨੇ ਲਿਖਿਆ, "ਜਿਵੇਂ ਵਾਅਦਾ ਕੀਤਾ ਗਿਆ ਸੀ।"

ਵੈਰਾਇਟੀ ਦੇ ਅਨੁਸਾਰ, ਮਸਕ, ਜਿਸ ਨੇ ਆਖਰੀ ਵਾਰ 44 ਬਿਲੀਅਨ ਡਾਲਰ ਦੇ ਸੌਦੇ ਵਿੱਚ ਟਵਿੱਟਰ ਨੂੰ ਖਰੀਦਿਆ ਸੀ, ਡੋਜ ਮੀਮ ਦਾ ਇੱਕ ਜਾਣਿਆ ਜਾਂਦਾ ਸੁਪਰ ਫੈਨ ਹੈ ਅਤੇ ਉਸਨੇ ਟਵਿੱਟਰ 'ਤੇ ਅਤੇ ਪਿਛਲੇ ਸਾਲ "ਸੈਟਰਡੇ ਨਾਈਟ ਲਾਈਵ" ਦੀ ਮੇਜ਼ਬਾਨੀ ਕਰਦੇ ਹੋਏ ਦੋਨੋ ਡੋਗੇਕੋਇਨ ਨੂੰ ਪ੍ਰਮੋਟ ਕੀਤਾ ਹੈ। ਟਵਿੱਟਰ ਦੇ ਵੈੱਬ ਲੋਗੋ ਵਿੱਚ ਬਦਲਾਅ ਦੇ ਬਾਅਦ ਸੋਮਵਾਰ ਨੂੰ ਡੋਗੇਕੋਇਨ ਦਾ ਮੁੱਲ 20 ਪ੍ਰਤੀਸ਼ਤ ਤੋਂ ਵੱਧ ਵਧ ਗਿਆ।

# ਵਿਦਿਆਰਥੀ ਨੇ ਤੋੜੀ ਪ੍ਰਿੰਸੀਪਲ ਦੀ ਕਾਰ, ਫੇਲ੍ਹ ਹੋਣ ਕਾਰਨ ਗੁੱਸੇ ਵਿਚ ਸੀ

ਫਤਿਹਾਬਾਦ, 4 ਅਪ੍ਰੈਲ (ਪੋਸਟ ਬਿਊਰੋ): ਫਤਿਹਾਬਾਦ ਇਲਾਕੇ ਦੇ ਪਿੰਡ ਅਯਾਲਕੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਇਕ ਵਿਦਿਆਰਥੀ ਨੇ ਪ੍ਰਿੰਸੀਪਲ ਦੀ ਕਾਰ 'ਤੇ ਹਮਲਾ ਕਰਕੇ ਉਸਦੇ ਸ਼ੀਸ਼ੇ ਤੋੜ ਦਿੱਤੇ।



ਪ੍ਰਿੰਸੀਪਲ ਸੁਭਾਸ਼ ਟੂਟੇਜਾ ਨੇ ਦੱਸਿਆ ਕਿ ਬੀਤੇ ਦਿਨ ਉਹ ਸਕੂਲ 'ਚ ਬੱਚਿਆਂ ਦੇ ਨਤੀਜਿਆਂ ਦਾ ਐਲਾਨ ਕਰ ਰਿਹਾ ਸੀ। ਨਤੀਜਿਆਂ 'ਚ ਵਿੱਕੀ ਨਾਂ ਦਾ ਇਕ ਵਿਦਿਆਰਥੀ 9ਵੀਂ ਜਮਾਤ 'ਚੋਂ ਫੇਲ੍ਹ ਹੋ ਗਿਆ ਜੋ ਕਿ ਪਿਛਲੇ ਸਾਲ ਵੀ ਫੇਲ੍ਹ ਹੋਇਆ ਸੀ। ਨਤੀਜਾ ਸੁਣਦੇ ਹੀ ਵਿੱਕੀ ਗੁੱਸੇ 'ਚ ਆ ਗਿਆ ਅਤੇ ਪਾਰਕਿੰਗ 'ਚ ਖੜ੍ਹੀ ਉਸਦੀ ਕਾਰ 'ਤੇ ਇੱਟਾਂ ਨਾਲ ਹਮਲਾ ਕਰਕੇ ਸ਼ੀਸ਼ੇ ਤੋੜ ਦਿੱਤੇ। ਇਸ ਤੋਂ ਬਾਅਦ ਉਹ ਉੱਥੋਂ ਚਲਾ ਗਿਆ। ਉਨ੍ਹਾਂ ਉਸਦੀ ਸੂਚਨਾ ਡਾਇਲ 112 ਪੁਲਸ ਨੂੰ ਦਿੱਤੀ ਜਿਸਨੇ ਮੌਕੇ 'ਤੇ ਪਹੁੰਚ ਕੇ ਜਾਂਚ-ਪੜਤਾਲ ਕੀਤੀ ਅਤੇ ਬਾਅਦ 'ਚ ਪੁਲਸ ਵੀ ਪਹੁੰਚੀ। ਨਾਲ ਹੀ ਉਨ੍ਹਾਂ ਪਿੰਡ ਦੀ ਪੰਚਾਇਤ ਅਤੇ ਵਿੱਕੀ ਦੇ ਪਰਿਵਾਰ ਨੂੰ ਵੀ ਮਾਮਲੇ ਦੀ ਜਾਣਕਾਰੀ ਦਿੱਤੀ।

# ਜੈ ਇੰਦਰ ਕੌਰ ਨੇ ਪਟਿਆਲਾ ਜ਼ਿਲ੍ਹੇ ਦੇ ਬਰਸਾਤਾਂ ਕਾਰਨ ਨੁਕਸਾਨੀਆਂ ਫ਼ਸਲਾਂ ਵਾਲੇ ਪਿੰਡਾਂ ਦਾ ਕੀਤਾ ਦੌਰਾ

ਪਟਿਆਲਾ, 4 ਅਪ੍ਰੈਲ ( ਗਿਆਨ ਸਿੰਘ) ਭਾਰਤੀ ਜਨਤਾ ਪਾਰਟੀ ਪੰਜਾਬ ਦੀ ਮੀਤ ਪ੍ਰਧਾਨ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਬੇਟੀ ਜੈ ਇੰਦਰ ਕੌਰ ਨੇ ਅੱਜ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਦਾ ਦੌਰਾ ਕਰਕੇ ਬੇਮੌਸਮੀ ਬਾਰਿਸ਼ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ।

ਜੈ ਇੰਦਰ ਕੌਰ ਨੇ ਪਾਰਟੀ ਵਰਕਰਾਂ ਨਾਲ ਪਟਿਆਲਾ ਜ਼ਿਲ੍ਹੇ ਦੇ ਸਨੌਰ ਅਤੇ ਸਮਾਣਾ ਹਲਕੇ ਦੇ ਪਿੰਡ ਬਹਿਲ, ਬਿੰਜਲ, ਡੱਡਣ ਗੁੱਜਰਾ, ਬੀਬੀਪੁਰ ਦੇ ਪ੍ਰਭਾਵਿਤ ਖੇਤਾਂ ਦਾ ਦੌਰਾ ਕੀਤਾ। ਖੇਤਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਇਨ੍ਹਾਂ ਬੇਮੌਸਮੀ ਬਾਰਸ਼ਾਂ ਕਾਰਨ ਸਾਡੇ ਕਿਸਾਨਾਂ ਦਾ ਜੋ ਭਾਰੀ ਨੁਕਸਾਨ ਹੋਇਆ ਹੈ, ਉਸ ਨੂੰ ਦੇਖ ਕੇ ਬਹੁਤ ਹੀ ਦੁੱਖ ਹੁੰਦਾ ਹੈ



ਕਿਉਂਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ ਅਤੇ ਸਾਨੂੰ ਭਾਰਤ ਦੇ ਅੰਨਦਾਤਾ ਵੀ ਕਿਹਾ ਜਾਂਦਾ ਹੈ। ਸਾਡੇ ਕਿਸਾਨਾਂ ਦੀ ਹਾੜੀ ਦੀ ਫ਼ਸਲ ਵਾਢੀ ਲਈ ਤਿਆਰ ਸੀ ਅਤੇ ਉਨ੍ਹਾਂ ਨੂੰ ਆਪਣੀ ਪੈਦਾਵਾਰ 'ਤੇ ਚੰਗਾ ਮੁਨਾਫ਼ਾ ਮਿਲਣਾ ਸੀ ਪਰ ਅਫ਼ਸੋਸ ਦੀ ਗੱਲ ਹੈ ਕਿ ਭਾਰੀ ਬਰਸਾਤ ਕਾਰਨ ਖੇਤਾਂ ਵਿੱਚ ਸਭ ਤੋਂ ਵੱਧ ਫ਼ਸਲ ਦਾ ਨੁਕਸਾਨ ਹੋਇਆ ਹੈ, ਜਿਸ ਕਾਰਨ ਕਿਸਾਨਾਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਮੁੱਖ ਮੰਤਰੀ ਨੂੰ ਜੈ ਇੰਦਰ ਕੌਰ ਨੇ ਗਿਰਦਾਵਰੀ ਬਾਰੇ ਗੱਲ ਕਰਦਿਆਂ ਭਾਜਪਾ ਆਗੂ ਨੇ ਕਿਹਾ, "ਕਈ ਕਿਸਾਨਾਂ ਨਾਲ ਮੀਟਿੰਗਾਂ ਅਤੇ ਗੱਲਬਾਤ ਕਰਨ ਤੋਂ ਬਾਅਦ ਮੈਨੂੰ ਪਤਾ ਲੱਗਾ ਹੈ ਕਿ ਖੇਤਾਂ ਦੀ ਸਹੀ ਗਿਰਦਾਵਰੀ ਨਹੀਂ ਕੀਤੀ ਜਾ ਰਹੀ, ਮੈਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕਰਦਾ ਹਾਂ ਕਿ ਨੁਕਸਾਨ ਦਾ ਸਹੀ, ਨਿਰਪੱਖ ਅਤੇ ਸਮੇਂ ਸਿਰ ਮੁਲਾਂਕਣ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸਾਨਾਂ ਨੂੰ ਉਚਿਤ ਮੁਆਵਜ਼ਾ ਦਿੱਤਾ ਜਾ ਸਕੇ।" ਜੈ ਇੰਦਰ ਕੌਰ ਨੇ ਪ੍ਰਸ਼ਾਸਨ ਨੂੰ ਮੋਦੀ ਸਰਕਾਰ ਦੀ ਪ੍ਰਮੁੱਖ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਬਾਰੇ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਅਤੇ ਜਾਗਰੂਕ ਕਰਨ ਦੀ ਵੀ ਅਪੀਲ ਕੀਤੀ, ਜੋਕਿ ਫਸਲਾਂ ਦੇ ਕਿਸੇ ਵੀ ਨੁਕਸਾਨ ਦੀ ਸਥਿਤੀ ਵਿੱਚ ਕਿਸਾਨਾਂ ਨੂੰ ਬੀਮਾ ਕਵਰ ਪ੍ਰਦਾਨ ਕਰਦੀ ਹੈ। ਜੈ ਇੰਦਰ ਕੌਰ ਦੇ ਨਾਲ ਭਾਜਪਾ ਆਗੂ ਹਰਦੀਪ ਸਿੰਘ ਜਨਰਲ ਸਕੱਤਰ, ਸ।ਗਗਨ ਸ਼ੇਰਗਿੱਲ ਮਹਿਲਾ ਪ੍ਰਧਾਨ, ਮੰਡਲ ਪ੍ਰਧਾਨ ਸੁਖਚੈਨ ਸਿੰਘ ਦੁਆਂਕਾਲਾ ਆਦਿ ਮੌਜੂਦ ਸਨ।



# ਜਲੰਧਰ ਜ਼ਿਮਨੀ ਚੋਣ ਦੀ ਜਿੱਤ 2024 ਦੀਆਂ ਆਮ ਚੋਣਾਂ ਵਿਚ 'ਆਪ' ਦੀ ਜਿੱਤ ਦਾ ਬਣੇਗੀ ਆਧਾਰ: ਹਰਚੰਦ ਸਿੰਘ ਬਰਸਟ

*** ਬਰਸਟ ਨੇ ਜਲੰਧਰ ਛਾਉਣੀ ਦੇ ਪਿੰਡਾਂ ਦਾ ਦੌਰਾ ਕਰਕੇ ਫਸਲਾਂ ਦੇ ਨੁਕਸਾਨ ਦਾ ਲਿਆ ਜਾਇਜ਼ਾ**

ਜਲੰਧਰ, 4 ਅਪ੍ਰੈਲ (ਗਿਆਨ ਸਿੰਘ) ਆਮ ਆਦਮੀ ਪਾਰਟੀ ਜਲੰਧਰ ਜ਼ਿਮਨੀ ਚੋਣ ਲੜਨ ਅਤੇ ਜਿੱਤਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਪਾਰਟੀ ਦੇ ਪੰਜਾਬ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਦਾਅਵਾ ਕਰਦਿਆਂ ਕਿਹਾ ਕਿ ਜਲੰਧਰ ਜ਼ਿਮਨੀ ਚੋਣ ਦੀ ਜਿੱਤ 2024 ਦੀਆਂ ਆਮ ਚੋਣਾਂ 'ਚ 'ਆਪ' ਦੀ ਵੱਡੀ ਜਿੱਤ ਦਾ ਆਧਾਰ ਬਣੇਗੀ।

ਹਰਚੰਦ ਸਿੰਘ ਬਰਸਟ ਅਨੁਸਾਰ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਮਾਨ ਸਰਕਾਰ ਦੀ ਸ਼ਾਨਦਾਰ ਕਾਰਗੁਜ਼ਾਰੀ ਸਦਕਾ 'ਆਪ' ਪੰਜਾਬ ਦੀਆਂ ਸਾਰੀਆਂ 13 ਪਾਰਲੀਮੈਂਟ ਸੀਟਾਂ ਤੇ ਜਿੱਤ ਹਾਸਿਲ ਕਰੇਗੀ ਅਤੇ ਇਸਦੀ ਸ਼ੁਰੂਆਤ ਇਸ ਜ਼ਿਮਨੀ ਚੋਣ ਵਿੱਚੋਂ ਜਿੱਤ ਨਾਲ ਹੋਵੇਗੀ। ਹਰਚੰਦ ਬਰਸਟ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਲੰਧਰ ਦੇ ਸਮੂਹ ਵਿਧਾਇਕਾਂ, ਪਾਰਟੀ ਦੇ ਸਥਾਨਕ ਆਗੂਆਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਦੌਰਾਨ ਕੀਤਾ, ਜਿੱਥੇ ਉਨ੍ਹਾਂ ਚੋਣ ਪ੍ਰਚਾਰ ਦੀ ਰਣਨੀਤੀ ਬਾਰੇ ਵੀ ਚਰਚਾ ਕੀਤੀ।

ਹਰਚੰਦ ਸਿੰਘ ਬਰਸਟ ਜਨਰਲ ਸਕੱਤਰ 'ਆਪ' ਪੰਜਾਬ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਰਾਜਵਿੰਦਰ ਕੌਰ ਥਿਆੜਾ ਸਕੱਤਰ ਪੰਜਾਬ, ਵਿਧਾਇਕ ਬਲਕਾਰ ਸਿੰਘ, ਵਿਧਾਇਕ ਰਮਨ ਅਰੋੜਾ, ਵਿਧਾਇਕਾ ਇੰਦਰਜੀਤ ਕੌਰ ਮਾਨ, ਵਿਧਾਇਕ ਹਰਦੀਪ ਸਿੰਘ ਮੁੰਡੀਆਂ, ਵਿਧਾਇਕ ਤਰੁਨਪ੍ਰੀਤ ਸਿੰਘ ਸੋਢੀ, ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਵਿਧਾਇਕ ਦਲਜੀਤ ਸਿੰਘ ਗਰੇਵਾਲ, ਵਿਧਾਇਕ ਦਿਨੇਸ਼ ਚੱਢਾ, ਅਮਨਦੀਪ ਸਿੰਘ ਮੋਹੀ ਚੇਅਰਮੈਨ, ਸਰਬਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਦਿਹਾਤੀ, ਮੰਗਲ ਸਿੰਘ ਲੋਕ ਸਭਾ ਇੰਚਾਰਜ, ਅੰਮ੍ਰਿਤਪਾਲ ਸਿੰਘ ਜ਼ਿਲ੍ਹਾ ਪ੍ਰਧਾਨ (ਸ਼ਹਿਰੀ), ਸਰਬਜੀਤ ਸਿੰਘ ਜ਼ਿਲ੍ਹਾ ਪ੍ਰਧਾਨ (ਦਿਹਾਤੀ), ਸੁਰਿੰਦਰ ਸਿੰਘ ਸੋਢੀ ਹਲਕਾ ਇੰਚਾਰਜ ਜਲੰਧਰ ਛਾਉਣੀ, ਜੀਤ ਲਾਲ ਭੱਟੀ ਹਲਕਾ ਇੰਚਾਰਜ, ਪ੍ਰਿੰਸੀਪਲ ਪ੍ਰੇਮ ਕੁਮਾਰ ਹਲਕਾ ਇੰਚਾਰਜ, ਦਿਨੇਸ਼ ਢੱਲ ਹਲਕਾ ਇੰਚਾਰਜ, ਰਤਨ ਸਿੰਘ ਕੱਕੜ ਕਲਾਂ ਹਲਕਾ ਇੰਚਾਰਜ, ਸੁਰਿੰਦਰ ਸਿੰਘ ਸੋਢੀ ਅਤੇ ਆਤਮ ਪ੍ਰਕਾਸ਼ ਬਬਲੂ ਨੇ ਸ਼ਾਮਿਲ ਹੋ ਕੇ ਜ਼ਿਮਨੀ ਚੋਣ ਜਿੱਤਣ ਲਈ ਰੋਡਮੈਪ ਤਿਆਰ ਕਰਨ ਲਈ ਚਰਚਾ ਕੀਤੀ।



ਇਸਦੇ ਨਾਲ ਹੀ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਰਾਜਵਿੰਦਰ ਕੌਰ ਥਿਆੜਾ (ਸਕੱਤਰ) ਅਤੇ ਸੁਰਿੰਦਰ ਸਿੰਘ ਸੋਢੀ (ਹਲਕਾ ਇੰਚਾਰਜ ਜਲੰਧਰ ਛਾਉਣੀ) ਨੇ ਜਲੰਧਰ ਛਾਉਣੀ ਹਲਕੇ ਦੇ ਪਿੰਡ ਜਮਸ਼ੇਰ ਦਾ ਦੌਰਾ ਕਰਕੇ ਉਥੋਂ ਦੇ ਫਸਲੀ ਨੁਕਸਾਨ ਦਾ ਜਾਇਜ਼ਾ ਵੀ ਲਿਆ। ਰਾਜਵਿੰਦਰ ਕੌਰ ਥਿਆੜਾ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਲਗਾਤਾਰ ਬਰਸਾਤ ਅਤੇ ਗੜ੍ਹੇਮਾਰੀ ਕਾਰਨ ਹੋਏ ਕਿਸਾਨਾਂ ਦੇ ਨੁਕਸਾਨ ਤੋਂ ਪੂਰੀ ਤਰ੍ਹਾਂ ਵਾਕਿਫ਼ ਹਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਬਣਦਾ ਮੁਆਵਜ਼ਾ ਜ਼ਰੂਰ ਮਿਲੇਗਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਉਲਟ ਮਾਨ ਸਰਕਾਰ ਕਿਸਾਨ-ਹਿਤੈਸ਼ੀ ਸਰਕਾਰ ਹੈ ਅਤੇ ਇਸ ਸੰਕਟ ਦੀ ਘੜੀ ਵਿੱਚ ਉਹ ਪੰਜਾਬ ਦੇ ਕਿਸਾਨਾਂ ਦੇ ਨਾਲ ਖੜੀ ਹੈ।






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।












## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.









## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਪੰਜਾਬ ਪੁਲਿਸ ਨੇ ਕੀਤੀ ਸੂਬੇ ਭਰ ਦੇ ਬੱਸ ਅੱਡਿਆਂ ’ਤੇ ਵਿਸ਼ੇਸ਼ ਚੈਕਿੰਗ

*** 5000 ਤੋਂ ਵੱਧ ਪੁਲਿਸ ਕਰਮਚਾਰੀਆਂ ਨੇ 150 ਤੋਂ ਵੱਧ ਬੱਸ ਸਟੈਂਡਾਂ ’ਤੇ 2000 ਤੋਂ ਵੱਧ ਲੋਕਾਂ ਦੀ ਕੀਤੀ ਤਲਾਸ਼ੀ**





ਚੰਡੀਗੜ, 4 ਅਪ੍ਰੈਲ (ਪੋਸਟ ਬਿਊਰੋ): ਸਮਾਜ ਵਿਰੋਧੀ ਅਨਸਰਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਸਪੱਸ਼ਟ ਸੁਨੇਹਾ ਦੇਣ ਲਈ ਕਿ ਸੂਬੇ ਵਿੱਚ ਗ਼ੈਰ-ਸਮਾਜੀ ਤੱਤਾਂ ਦੀ ਕੋਈ ਥਾਂ ਨਹੀਂ ਹੈ, ਪੰਜਾਬ ਪੁਲਿਸ ਨੇ ਮੰਗਲਵਾਰ ਨੂੰ ਸੂਬੇ ਭਰ ਦੇ ਸਾਰੇ ਬੱਸ ਅੱਡਿਆਂ ‘ਤੇ ਵਿਸ਼ੇਸ਼ ਤਲਾਸ਼ੀ ਮੁਹਿੰਮ ਚਲਾਈ ਤਾਂ ਜੋ ਤਫ਼ਤੀਸ਼ ਲਈ ਸ਼ੱਕੀ ਵਿਅਕਤੀਆਂ ਨੂੰ ਕਾਬੂ ਕੀਤਾ ਜਾ ਸਕੇ । ਇਹ ਕਾਰਵਾਈ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ‘ਤੇ ਕੀਤੀ ਗਈ ।

ਪੁਲਿਸ ਕਪਤਾਨਾਂ (ਐਸ।ਪੀ।) ਦੀ ਨਿਗਰਾਨੀ ਹੇਠ 5000 ਤੋਂ ਵੱਧ ਪੁਲਿਸ ਕਰਮਚਾਰੀ ਰਾਜ ਦੇ ਬੱਸ ਅੱਡਿਆਂ ‘ਤੇ ਲੋਕਾਂ ਦੀ ਜਾਂਚ ਕਰਨ ਲਈ ਤਾਇਨਾਤ ਸਨ ਤਾਂ ਕਿ ਲੋਕਾਂ ਦੀ ਘੱਟੋ-ਘੱਟ ਅਸੁਵਿਧਾ ਨੂੰ ਯਕੀਨੀ ਬਣਾਇਆ ਜਾ ਸਕੇ। ਸੂਬੇ ਦੇ 150 ਤੋਂ ਵੱਧ ਬੱਸ ਅੱਡਿਆਂ ‘ਤੇ ਕੀਤੇ ਗਏ ਇਸ ਅਪਰੇਸ਼ਨ ਦੌਰਾਨ 2000 ਤੋਂ ਵੱਧ ਲੋਕਾਂ ਦੀ ਤਲਾਸ਼ੀ ਕੀਤੀ ਗਈ।

ਇਹ ਆਪ੍ਰੇਸ਼ਨ ਸੂਬੇ ਭਰ ‘ਚ ਸ਼ਾਮ 4 ਵਜੇ ਤੋਂ ਸਾਮ 6 ਵਜੇ ਤੱਕ ਪੂਰਨ ਤਾਲਮੇਲ ਨਾਲ ਚਲਾਇਆ ਗਿਆ ਅਤੇ ਸੀਪੀਜ਼/ਐਸਐਸਪੀਜ਼ ਨੂੰ ਨਿੱਜੀ ਤੌਰ ‘ਤੇ ਆਪਰੇਸ਼ਨ ਦੀ ਨਿਗਰਾਨੀ ਕਰਨ ਅਤੇ ਇਸ ਆਪ੍ਰੇਸ਼ਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵੱਧ ਤੋਂ ਵੱਧ ਅਧਿਕਾਰੀਆਂ ਅਤੇ ਪੁਲਿਸ ਕਰਮੀਆਂ ਨੂੰ ਜੁਟਾਉਣ ਲਈ ਕਿਹਾ ਗਿਆ ਸੀ।

ਐਡੀਸ਼ਨਲ ਡਾਇਰੈਕਟਰ ਜਨਰਲ ਆਫ ਪੁਲਿਸ (ਏਡੀਜੀਪੀ) ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਕਿਹਾ ਕਿ ਐਸਪੀ ਰੈਂਕ ਦੇ ਅਧਿਕਾਰੀਆਂ ਨੂੰ ਬੱਸ ਸਟੈਂਡਾਂ ‘ਤੇ ਲੋਕਾਂ ਦੀ ਚੈਕਿੰਗ ਕਰਨ ਲਈ ਤਾਇਨਾਤ ਕੀਤਾ ਗਿਆ ਸੀ। ਉਨਾਂ ਕਿਹਾ, “ਅਸੀਂ ਸਾਰੇ ਪੁਲਿਸ ਮੁਲਾਜਮਾਂ ਨੂੰ ਸਖਤੀ ਨਾਲ ਹਦਾਇਤ ਕੀਤੀ ਸੀ ਕਿ ਉਹ ਇਸ ਕਾਰਵਾਈ ਦੌਰਾਨ ਹਰ ਵਿਅਕਤੀ ਨਾਲ ਦੋਸਤਾਨਾ ਢੰਗ ਅਤੇ ਨਿਮਰਤਾ ਨਾਲ ਪੇਸ਼ ਆਉਣ।”

ਉਨਾਂ ਕਿਹਾ ਕਿ ਪੰਜਾਬ ਨੂੰ ਸੁਰੱਖਿਅਤ ਅਤੇ ਨਸ਼ਾ ਮੁਕਤ ਸੂਬਾ ਬਣਾਉਣ ਲਈ ਅਜਿਹੇ ਆਪ੍ਰੇਸ਼ਨ ਜਾਰੀ ਰਹਿਣਗੇ। ਉਨਾਂ ਕਿਹਾ ਕਿ ਇਸ ਤਰਾਂ ਦੀਆਂ ਕਾਰਵਾਈਆਂ ਬੁਨਿਆਦੀ ਪੁਲਿਸਿੰਗ ਦਾ ਵੀ ਹਿੱਸਾ ਹਨ ਜਿਸ ਵਿੱਚ ਸੰਵੇਦਨਸ਼ਸੀਲ ਥਾਵਾਂ ‘ਤੇ ਚੌਕਸੀ ਰੱਖਣਾ ਅਤੇ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਅਗਾਊਂ ਤਿਆਰੀ ਸ਼ਾਮਲ ਹੈ।

# ਨਾਸਾ ਨੇ 50 ਸਾਲਾਂ ਬਾਅਦ ‘ਚੰਨ ਮਿਸ਼ਨ’ ਕੀਤਾ ਲਾਂਚ, ਪਹਿਲੀ ਵਾਰ ਕੋਈ ਔਰਤ ਲਗਾਵੇਗੀ ਚੰਨ ਦਾ ਚੱਕਰ



ਫਲੋਰੀਡਾ, 4 ਅਪ੍ਰੈਲ (ਪੋਸਟ ਬਿਊਰੋ): ਅਮਰੀਕੀ ਪੁਲਾੜ ਏਜੰਸੀ ਨਾਸਾ ਨੇ ਸੋਮਵਾਰ ਨੂੰ ਆਪਣੇ ਚੰਨ ਮਿਸ਼ਨ ਦਾ ਐਲਾਨ ਕੀਤਾ। 50 ਸਾਲਾਂ ਬਾਅਦ ਨਾਸਾ ਵੱਲੋਂ ਚਾਰ ਪੁਲਾੜ ਯਾਤਰੀਆਂ ਨੂੰ ਚੰਨ 'ਤੇ ਭੇਜਿਆ ਜਾਵੇਗਾ। ਕ੍ਰਿਸਟੀਨਾ ਕੋਚ ਚੰਨ 'ਤੇ ਜਾਣ ਵਾਲੇ ਚਾਰ ਪੁਲਾੜ ਯਾਤਰੀਆਂ ਵਿਚੋਂ ਪਹਿਲੀ ਮਹਿਲਾ ਪੁਲਾੜ ਯਾਤਰੀ ਬਣ ਜਾਵੇਗੀ, ਜਿਸ ਨੂੰ ਮਿਸ਼ਨ 'ਤੇ ਨਿਯੁਕਤ ਕੀਤਾ ਗਿਆ ਹੈ। ਜਦਕਿ ਵਿਕਟਰ ਗਲੋਵਰ ਪਹਿਲੇ ਗੈਰ ਗੋਰੇ ਪੁਲਾੜ ਯਾਤਰੀ ਹੋਣਗੇ। ਨਾਸਾ ਦਾ ਇਹ ਮਿਸ਼ਨ 2024 ਦੇ ਅਖੀਰ ਜਾਂ 2025 ਦੇ ਸ਼ੁਰੂ ਵਿੱਚ ਲਾਂਚ ਕੀਤਾ ਜਾਵੇਗਾ। ਉਹ ਪੁਲਾੜ ਯਾਤਰੀ ਰੀਡ ਵਿਜ਼ਮੈਨ ਅਤੇ ਜੇਰੇਮੀ ਹੈਨਸਨ ਦੇ ਨਾਲ ਰਵਾਨਾ ਹੋਣਗੇ।

ਸਭ ਤੋਂ ਦਿਲਚਸਪ ਗੱਲ ਇਹ ਹੈ ਕਿ ਇਹ ਪੁਲਾੜ ਯਾਤਰੀ ਚੰਨ 'ਤੇ ਨਹੀਂ ਉਤਰਨਗੇ ਪਰ ਇਹ ਮਿਸ਼ਨ ਆਉਣ ਵਾਲੇ ਪੁਲਾੜ ਯਾਤਰੀਆਂ ਲਈ ਲੈਂਡਿੰਗ ਦਾ ਰਸਤਾ ਆਸਾਨ ਬਣਾ ਦੇਵੇਗਾ। ਨਾਸਾ ਨੇ ਹਿਊਸਟਨ, ਟੈਕਸਾਸ ਵਿੱਚ ਇੱਕ ਸਮਾਰੋਹ ਦੌਰਾਨ ਚਾਰ ਪੁਲਾੜ ਯਾਤਰੀਆਂ ਦਾ ਖੁਲਾਸਾ ਕੀਤਾ। ਇਨ੍ਹਾਂ ਪੁਲਾੜ ਯਾਤਰੀਆਂ ਵਿੱਚੋਂ ਤਿੰਨ ਅਮਰੀਕੀ ਨਾਗਰਿਕ ਹਨ ਅਤੇ ਇੱਕ ਕੈਨੇਡਾ ਦਾ ਹੈ। ਇਹ ਪੁਲਾੜ ਯਾਤਰੀ ਹੁਣ ਆਪਣੇ ਆਪ ਨੂੰ ਮਿਸ਼ਨ ਲਈ ਤਿਆਰ ਕਰਨ ਲਈ ਸਖ਼ਤ ਸਿਖਲਾਈ ਸ਼ੁਰੂ ਕਰਨਗੇ। ਨਾਸਾ ਇੱਕ ਔਰਤ ਅਤੇ ਇੱਕ ਗੈਰ ਗੋਰੇ ਪੁਲਾੜ ਯਾਤਰੀ ਨੂੰ ਚੁਣਨ ਤੋਂ ਬਾਅਦ ਆਪਣੇ ਖੋਜ ਯਤਨਾਂ ਵਿੱਚ ਹੋਰ ਵਿਭਿੰਨਤਾ ਲਿਆਉਣ ਦੇ ਆਪਣੇ ਵਾਅਦੇ ਨੂੰ ਪੂਰਾ ਕਰ ਰਿਹਾ ਹੈ। ਹੁਣ ਤੱਕ ਨਾਸਾ ਅਤੇ ਹੋਰ ਏਜੰਸੀਆਂ ਤੋਂ ਗਏ ਸਾਰੇ ਪੁਲਾੜ ਯਾਤਰੀ ਗੋਰੇ ਸਨ।

ਚੰਨ 'ਤੇ ਚੱਲਣ ਵਾਲੀ ਪਹਿਲੀ ਮਹਿਲਾ ਪੁਲਾੜ ਯਾਤਰੀ ਕ੍ਰਿਸਟੀਨਾ ਕੋਚ (44) ਇੱਕ ਇਲੈਕਟ੍ਰੀਕਲ ਇੰਜੀਨੀਅਰ ਹੈ। ਉਹ ਪੁਲਾੜ ਵਿੱਚ 328 ਦਿਨ ਰਹਿ ਚੁੱਕੀ ਹੈ ਅਤੇ ਕਿਸੇ ਔਰਤ ਦੁਆਰਾ ਇਹ ਪੁਲਾੜ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਰਹਿਣ ਦਾ ਰਿਕਾਰਡ ਹੈ। ਉਸਨੇ ਅਕਤੂਬਰ 2019 ਵਿੱਚ ਇੱਕ ਹੋਰ ਨਾਸਾ ਪੁਲਾੜ ਯਾਤਰੀ ਜੈਸਿਕਾ ਮੀਰ ਦੇ ਨਾਲ ਪਹਿਲੀ ਆਲ-ਫੀਮੇਲ ਸਪੇਸਵਾਕ ਵਿੱਚ ਹਿੱਸਾ ਲਿਆ। ਜੇਰੇਮੀ ਹੈਨਸਨ (47) ਕੈਨੇਡਾ ਦਾ ਰਹਿਣ ਵਾਲਾ ਹੈ। ਕੈਨੇਡੀਅਨ ਸਪੇਸ ਏਜੰਸੀ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਉਹ ਰਾਇਲ ਕੈਨੇਡੀਅਨ ਏਅਰ ਫੋਰਸ ਵਿੱਚ ਇੱਕ ਲੜਾਕੂ ਪਾਇਲਟ ਸੀ। ਇਹ ਉਸਦਾ ਪਹਿਲਾ ਪੁਲਾੜ ਮਿਸ਼ਨ ਹੋਵੇਗਾ।

ਨਾਸਾ ਦੇ ਇਸ ਮਿਸ਼ਨ ਵਿੱਚ ਸ਼ਾਮਲ 47 ਸਾਲਾ ਰੀਡ ਵਾਈਜ਼ਮੈਨ ਅਮਰੀਕੀ ਜਲ ਸੈਨਾ ਵਿੱਚ ਪਾਇਲਟ ਹਨ। ਉਸਨੇ ਕੁਝ ਸਮਾਂ ਨਾਸਾ ਦੇ ਪੁਲਾੜ ਯਾਤਰੀ ਦਫਤਰ ਦੇ ਮੁਖੀ ਵਜੋਂ ਵੀ ਕੰਮ ਕੀਤਾ। ਸਾਲ 2015 'ਚ ਉਹ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਮਿਸ਼ਨ 'ਤੇ ਗਿਆ ਸੀ। ਵਿਕਟਰ ਗਲੋਵਰ (46) ਯੂਐਸ ਨੇਵੀ ਵਿੱਚ ਵੀ ਹਨ ਅਤੇ ਇੱਕ ਟਰੇਨੀ ਪਾਇਲਟ ਦੇ ਤੌਰ 'ਤੇ ਹਨ। ਸਾਲ 2013 ਵਿੱਚ ਉਹ ਨਾਸਾ ਵਿੱਚ ਸ਼ਾਮਲ ਹੋਏ ਅਤੇ 2020 ਵਿੱਚ ਆਪਣੀ ਪਹਿਲੀ ਪੁਲਾੜ ਉਡਾਣ ਕਭਰੀ। ਉਹ ਛੇ ਮਹੀਨਿਆਂ ਲਈ ਸਪੇਸ ਸਟੇਸ਼ਨ 'ਤੇ ਰਹਿਣ ਵਾਲਾ ਪਹਿਲਾ ਅਫਰੀਕੀ ਅਮਰੀਕੀ ਸੀ।

## ਆਸਟ੍ਰੇਲੀਆ ਵਿਚ ਸਾਬਕਾ ਪ੍ਰਿੰਸੀਪਲ ਜਿਨਸੀ ਸ਼ੋਸ਼ਣ ਮਾਮਲੇ ਵਿਚ ਦੋਸ਼ੀ ਕਰਾਰ

ਮੈਲਬੌਰਨ, 4 ਅਪ੍ਰੈਲ (ਪੋਸਟ ਬਿਊਰੋ): ਆਸਟ੍ਰੇਲੀਆ ਵਿਚ ਯਹੂਦੀ ਕੁੜੀਆਂ ਦੇ ਇਕ ਸਕੂਲ ਦੀ ਸਾਬਕਾ ਪ੍ਰਿੰਸੀਪਲ ਨੂੰ ਸੋਮਵਾਰ ਨੂੰ ਦੋ ਵਿਦਿਆਰਥਣਾਂ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ੀ ਠਹਿਰਾਇਆ ਗਿਆ। ਤੇਲ ਅਵੀਵ ਵਿੱਚ ਜਨਮੀ ਮਲਕਾ ਲੀਫਰ (56) ਨੂੰ 18 ਮਾਮਲਿਆਂ ਵਿੱਚ ਦੋਸ਼ੀ ਠਹਿਰਾਇਆ ਗਿਆ ਜਦੋਂ ਕਿ ਨੌਂ ਹੋਰ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ। ਮਲਕਾ ਲੀਫਰ 'ਤੇ ਜਿਨਸੀ ਸ਼ੋਸ਼ਣ ਦਾ ਦੋਸ਼ ਲਗਾਉਣ ਵਾਲੀਆਂ ਤਿੰਨੋਂ ਸਾਬਕਾ ਵਿਦਿਆਰਥਣਾਂ ਸਕੀਆਂ ਭੈਣਾਂ ਹਨ। ਮਾਮਲੇ ਦੀ ਸੁਣਵਾਈ ਦੌਰਾਨ ਮਲਕਾ ਲੀਫਰ ਚੁੱਪ ਰਹੀ ਅਤੇ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ।

ਲੀਫਰ ਨੂੰ ਜਿਹੜੀਆਂ ਦੋ ਸਾਬਕਾ ਵਿਦਿਆਰਥਣਾਂ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ੀ ਠਹਿਰਾਇਆ ਗਿਆ, ਉਹ ਫ਼ੈਸਲੇ ਸਮੇਂ ਅਦਾਲਤ ਵਿੱਚ ਮੌਜੂਦ ਸਨ। ਵਕੀਲਾਂ ਨੇ ਦਾਅਵਾ ਕੀਤਾ ਕਿ ਮਲਕਾ ਲੀਫਰ ਨੇ 2003 ਤੋਂ 2007 ਦਰਮਿਆਨ ਏਦਾਸ ਇਜ਼ਰਾਈਲ ਸਕੂਲ ਵਿੱਚ ਵਿਦਿਆਰਥਣਾਂ ਦਾ ਜਿਨਸੀ ਸ਼ੋਸ਼ਣ ਕੀਤਾ ਸੀ। ਏਦਾਸ ਇਜ਼ਰਾਈਲ ਸਕੂਲ ਮੈਲਬੌਰਨ ਵਿੱਚ ਸਥਿਤ ਇੱਕ ਅਤਿ-ਆਰਥੋਡਾਕਸ ਸਕੂਲ ਹੈ। ਜ਼ਿਕਰਯੋਗ ਹੈ ਕਿ 2008 'ਚ ਲੀਫਰ 'ਤੇ ਸਭ ਤੋਂ ਪਹਿਲਾਂ ਦੋਸ਼ ਲੱਗਣ ਤੋਂ ਬਾਅਦ ਉਹ ਇਜ਼ਰਾਈਲ ਭੱਜ ਗਈ ਸੀ। ਜਦੋਂ 2014 ਵਿੱਚ ਉਸਦੇ ਖ਼ਿਲਾਫ਼ ਦੋਸ਼ ਆਇਦ ਕੀਤੇ ਗਏ ਸਨ, ਤਾਂ ਕਈ ਸਾਲਾਂ ਤੱਕ ਇਸ ਗੱਲ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ ਕਿ ਉਸਦੀ ਹਵਾਲਗੀ ਕੀਤੀ ਜਾਵੇਗੀ ਜਾਂ ਨਹੀਂ। ਉਸ ਨੂੰ ਲੰਮੀ ਹਵਾਲਗੀ ਪ੍ਰਕਿਰਿਆ ਤੋਂ ਬਾਅਦ 2021 ਵਿੱਚ ਵਾਪਸ ਆਸਟ੍ਰੇਲੀਆ ਲਿਆਂਦਾ ਗਿਆ ਸੀ।

# ਲੋਕ ਸਭਾ ਅਤੇ ਰਾਜ ਸਭਾ ਵਿਚ ਹੰਗਾਮੇ ਕਾਰਨ ਕੋਈ ਕੰਮਕਾਜ ਨਹੀਂ ਹੋ ਸਕਿਆ, ਸਦਨ ਦੀ ਕਾਰਵਾਈ 5 ਅਪ੍ਰੈਲ ਤੱਕ ਮੁਲਤਵੀ

ਨਵੀਂ ਦਿੱਲੀ, 4 ਅਪ੍ਰੈਲ (ਪੋਸਟ ਬਿਊਰੋ): ਲੋਕ ਸਭਾ 'ਚ ਸੋਮਵਾਰ ਨੂੰ ਵੀ ਵਿਰੋਧੀ ਧਿਰ ਦਾ ਹੰਗਾਮਾ ਜਾਰੀ ਰਿਹਾ, ਜਿਸ ਕਾਰਨ ਸਦਨ 'ਚ ਕੋਈ ਕੰਮਕਾਰ ਨਹੀਂ ਹੋਇਆ ਅਤੇ ਪ੍ਰਧਾਨਗੀ ਅਧਿਕਾਰੀ ਰਾਜੇਂਦਰ ਅਗਰਵਾਲ ਨੂੰ ਸਦਨ ਦੀ ਕਾਰਵਾਈ ਬੁੱਧਵਾਰ ਯਾਨੀ 5 ਅਪ੍ਰੈਲ ਤੱਕ ਲਈ ਮੁਲਤਵੀ ਕਰਨੀ ਪਈ। ਰਾਜੇਂਦਰ ਅਗਰਵਾਲ ਨੇ ਇਕ ਵਾਰ ਦੀ ਮੁਲਤਵੀ ਤੋਂ ਬਾਅਦ 2 ਵਜੇ ਜਿਵੇਂ ਹੀ ਸਦਨ ਦੀ ਕਾਰਵਾਈ ਸ਼ੁਰੂ ਕੀਤੀ, ਕਾਲੇ ਕੱਪੜੇ ਪਹਿਨੇ ਕਾਂਗਰਸ ਅਤੇ ਦਰਮੁਕ ਦੇ ਮੈਂਬਰ ਸਦਨ ਦੇ ਵਿਚੋ-ਵਿਚ ਆ ਕੇ ਨਾਅਰੇਬਾਜ਼ੀ ਕਰਨ ਲੱਗੇ। ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਕਾਲੇ ਰੰਗ ਦਾ ਮਾਸਕ ਪਹਿਨ ਕੇ ਸਦਨ 'ਚ ਆਏ ਸਨ। ਪ੍ਰਧਾਨਗੀ ਅਧਿਕਾਰੀ ਨੇ ਜਿਵੇਂ ਹੀ ਨਿਯਮ 377 ਦੇ ਅਧੀਨ ਕਾਰਵਾਈ ਸ਼ੁਰੂ ਕੀਤੀ ਤਾਂ ਵਿਰੋਧੀ ਮੈਂਬਰਾਂ ਦਾ ਹੰਗਾਮਾ ਤੇਜ਼ ਹੋ ਗਿਆ। ਹੰਗਾਮੇ ਦਰਮਿਆਨ ਪ੍ਰਧਾਨਗੀ ਅਧਿਕਾਰੀ ਨੇ ਮੈਂਬਰਾਂ ਨੂੰ ਸਦਨ ਦੀ ਕਾਰਵਾਈ ਚੱਲਣ ਦੇਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਲਗਾਤਾਰ ਸਦਨ ਨੂੰ ਰੋਕਣਾ ਉਚਿਤ ਨਹੀਂ ਹੈ। ਉਨ੍ਹਾਂ ਕਿਹਾ ਕਿ ਸੈਸ਼ਨ ਲਗਭਗ ਸਮਾਪਤੀ 'ਤੇ ਹੈ ਅਤੇ ਜ਼ਰੂਰੀ ਬਿੱਸ ਕਰਵਾਉਣੇ ਹਨ, ਇਸ ਲਈ ਮੈਂਬਰ ਆਪਣੀਆਂ ਸੀਟਾਂ 'ਤੇ ਚੱਲੇ ਜਾਣ ਪਰ ਹੰਗਾਮਾ ਕਰ ਰਹੇ ਮੈਂਬਰਾਂ ਨੇ ਉਨ੍ਹਾਂ ਦੀ ਇਕ ਨਹੀਂ ਸੁਣੀ। ਹੰਗਾਮਾ ਵਧਣ ਲੱਗਾ ਤਾਂ ਸ੍ਰੀ ਅਗਰਵਾਲ ਨੇ ਸਦਨ ਦੀ ਕਾਰਵਾਈ ਬੁੱਧਵਾਰ ਤੱਕ ਲਈ ਮੁਲਤਵੀ ਕਰ ਦਿੱਤੀ।

ਉੱਥੇ ਹੀ ਅਡਾਨੀ ਮਾਮਲੇ ਨੂੰ ਲੈ ਕੇ ਵਿਰੋਧੀ ਦਲਾਂ ਦੇ ਮੈਂਬਰਾਂ ਦੇ ਹੰਗਾਮੇ ਕਾਰਨ ਸੋਮਵਾਰ ਨੂੰ ਰਾਜ ਸਭਾ ਦੀ ਕਾਰਵਾਈ ਬੁੱਧਵਾਰ ਤੱਕ ਮੁਲਤਵੀ ਕਰ ਦਿੱਤੀ ਗਈ। ਸਪੀਕਰ ਜਗਦੀਪ ਧਨਖੜ ਨੇ ਮੈਂਬਰਾਂ ਨੂੰ ਰਾਜ ਸਭਾ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਮੈਂਬਰਾਂ ਨੂੰ ਸਦਨ ਨੂੰ ਸਹੀ ਢੰਗ ਨਾਲ ਚਲਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਉੱਪਰੀ ਸਦਨ ਹੈ, ਜਿੱਥੇ ਮੁੱਦੇ 'ਤੇ ਵਿਚਾਰ ਵਟਾਂਦਰਾ ਅਤੇ ਚਰਚਾ ਹੋਣੀ ਚਾਹੀਦੀ ਹੈ। ਇਹ ਕੋਈ ਰੁਕਾਵਟ ਪੈਦਾ ਕਰਨ ਦਾ ਸਥਾਨ ਨਹੀਂ ਹੈ। ਇਸ ਤੋਂ ਬਾਅਦ ਜਿਵੇਂ ਹੀ ਉਨ੍ਹਾਂ ਨੇ ਕਾਰਵਾਈ ਸ਼ੁਰੂ ਕਰਨ ਦੀ ਕੋਸ਼ਿਸ਼ ਕੀਤੀ ਕਾਂਗਰਸ ਦੇ ਮੈਂਬਰ ਨਾਅਰੇਬਾਜ਼ੀ ਕਰਨ ਲੱਗੇ ਅਤੇ ਆਪਣੀਆਂ-ਆਪਣੀਆਂ ਸੀਟਾਂ ਤੋਂ ਉੱਠ ਕੇ ਆਸਨ ਵੱਲ ਆ ਗਏ। ਇਸ ਤੋਂ ਬਾਅਦ ਉਨ੍ਹਾਂ ਨੇ ਸਦਨ ਦੀ ਕਾਰਵਾਈ ਬੁੱਧਵਾਰ ਤੱਕ ਮੁਲਤਵੀ ਕਰ ਦਿੱਤੀ।

## ਐਪਲ ਕਰੇਗਾ ਕਰਮਚਾਰੀਆਂ ਦੀ ਛਾਂਟੀ



ਕੈਲੀਫੋਰਨੀਆ, 4 ਅਪ੍ਰੈਲ (ਪੋਸਟ ਬਿਊਰੋ): ਆਈਫੋਨ ਨਿਰਮਾਤਾ ਐਪਲ ਕਰਮਚਾਰੀਆਂ ਦੀ ਗਿਣਤੀ 'ਚ ਕਟੌਤੀ ਕਰੇਗੀ। ਐਪਲ ਇੱਕ ਆਪਣੀਆਂ ਕਾਰਪੋਰੇਟ ਰਿਟੇਲ ਟੀਮਾਂ ਦੇ ਅੰਦਰ ਕਈ ਅਹੁਦਿਆਂ ਨੂੰ ਖਤਮ ਕਰ ਰਿਹਾ ਹੈ, ਬਲੂਮਬਰਗ ਨਿਊਜ਼ ਨੇ ਸੋਮਵਾਰ ਨੂੰ ਇਸ ਮਾਮਲੇ ਤੋਂ ਜਾਣੂ ਲੋਕਾਂ ਦਾ ਹਵਾਲਾ ਦਿੰਦੇ ਹੋਏ ਰਿਪੋਰਟ ਕੀਤੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਛਾਂਟੀ ਦਾ ਪ੍ਰਭਾਵ ਇਹ ਹੋਵੇਗਾ ਕਿ ਐਪਲ ਦੀਆਂ ਵਿਕਾਸ ਅਤੇ ਸੁਰੱਖਿਆ ਟੀਮਾਂ ਵਿੱਚ ਬਹੁਤ ਜ਼ਿਆਦਾ ਸਟਾਫ ਘੱਟ ਹੋਣ ਦੀ ਸੰਭਾਵਨਾ ਹੈ।

ਵਧਦੀਆਂ ਵਿਆਜ ਦਰਾਂ ਕਾਰਨ ਆਰਥਿਕ ਮੰਦੀ ਦੀ ਚਿੰਤਾ ਨੇ ਹਾਲ ਹੀ ਦੇ ਮਹੀਨਿਆਂ ਵਿੱਚ ਕਾਰਪੋਰੇਟ ਅਮਰੀਕਾ ਵਿੱਚ ਨੌਕਰੀਆਂ ਵਿੱਚ ਭਾਰੀ ਕਟੌਤੀ ਕੀਤੀ ਹੈ। ਫੇਸਬੁੱਕ-ਪੈਰੈਂਟ ਮੈਟਾ ਪਲੇਟਫਾਰਮਸ ਨੇ ਪਿਛਲੇ ਮਹੀਨੇ ਕਿਹਾ ਸੀ ਕਿ ਉਹ ਇਸ ਸਾਲ 10,000 ਨੌਕਰੀਆਂ ਦੀ ਕਟੌਤੀ ਕਰੇਗੀ, ਇਸ ਨੂੰ ਵੱਡੇ ਪੱਧਰ 'ਤੇ ਛਾਂਟੀ ਦੇ ਦੂਜੇ ਦੌਰ ਦਾ ਐਲਾਨ ਕਰਨ ਵਾਲੀ ਪਹਿਲੀ ਵੱਡੀ ਤਕਨੀਕੀ ਕੰਪਨੀ ਬਣ ਜਾਵੇਗੀ।

# ਫਿਨਲੈਂਡ ਨਾਟੋ ਦਾ ਬਣੇਗਾ 31ਵਾਂ ਮੈਂਬਰ, ਨਾਟੋ ਵਿਚ ਸ਼ਾਮਲ ਹੋਣ ਦਾ ਰਾਹ ਸਾਫ਼



ਅਟਲਾਂਟਿਕ, 4 ਅਪ੍ਰੈਲ (ਪੋਸਟ ਬਿਊਰੋ): ਉੱਤਰੀ ਅਟਲਾਂਟਿਕ ਸੰਧੀ ਸੰਗਠਨ (ਨਾਟੋ) ਦੇ ਮੁਖੀ ਜੇਂਸ ਸਟੋਲਟਨਬਰਗ ਨੇ ਕਿਹਾ ਕਿ ਫਿਨਲੈਂਡ ਮੰਗਲਵਾਰ ਨੂੰ ਦੁਨੀਆਂ ਦੇ ਸਭ ਤੋਂ ਵੱਡੇ ਫੌਜੀ ਗਠਜੋੜ ਦਾ 31ਵਾਂ ਮੈਂਬਰ ਬਣ ਜਾਵੇਗਾ। ਉਨ੍ਹਾਂ ਉਮੀਦ ਪ੍ਰਗਟਾਈ ਕਿ ਫਿਨਲੈਂਡ ਦਾ ਗੁਆਂਢੀ ਸਵੀਡਨ ਵੀ ਆਉਣ ਵਾਲੇ ਮਹੀਨਿਆਂ ਵਿੱਚ ਨਾਟੋ 'ਚ ਸ਼ਾਮਲ ਹੋ ਸਕਦਾ ਹੈ।

ਨਾਟੋ ਦੇ ਜਨਰਲ ਸਕੱਤਰ ਸਟੋਲਟਨਬਰਗ ਨੇ ਸੋਮਵਾਰ ਨੂੰ ਇੱਥੇ ਨਾਟੋ ਦੇ ਵਿਦੇਸ਼ ਮੰਤਰੀਆਂ ਦੀ ਬੈਠਕ ਦੀ ਪੂਰਵ ਸੰਧਿਆ 'ਤੇ ਪੱਤਰਕਾਰਾਂ ਨੂੰ ਕਿਹਾ, ''ਇਹ ਇਤਿਹਾਸਕ ਹਫ਼ਤਾ ਹੈ, ਕੱਲ੍ਹ ਫਿਨਲੈਂਡ ਫੌਜੀ ਗਠਜੋੜ ਦਾ ਪੂਰਨ ਮੈਂਬਰ ਬਣ ਜਾਵੇਗਾ।'' ਉਨ੍ਹਾਂ ਕਿਹਾ ਕਿ ਨਾਟੋ ਮੈਂਬਰ ਦੇਸ਼ਾਂ ਦੇ ਵਿਦੇਸ਼ ਮੰਤਰੀਆਂ ਦੀ ਬੈਠਕ ਬ੍ਰਸੇਲਜ਼ 'ਚ ਹੋਵੇਗੀ ਤੇ ਫਿਨਲੈਂਡ ਦੀ ਮੈਂਬਰਸ਼ਿਪ ਦਾ ਸਮਰਥਨ ਕਰਨ ਵਾਲਾ ਦੇਸ਼ ਤੁਰਕੀ ਆਪਣੇ ਅਧਿਕਾਰਕ ਦਸਤਾਵੇਜ਼ ਅਮਰੀਕੀ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਨੂੰ ਸੌਂਪੇਗਾ।

ਸਟੋਲਟਨਬਰਗ ਨੇ ਕਿਹਾ ਕਿ ਉਹ ਫਿਰ ਫਿਨਲੈਂਡ ਨੂੰ ਅਜਿਹਾ ਕਰਨ ਲਈ ਸੱਦਾ ਦੇਵੇਗਾ। ਫਿਨਲੈਂਡ ਦੇ ਝੰਡੇ ਨੂੰ ਸ਼ਾਮਲ ਕਰਨ ਲਈ ਇਕ ਝੰਡਾ ਲਹਿਰਾਉਣ ਦੀ ਰਸਮ ਮੰਗਲਵਾਰ ਦੁਪਹਿਰ ਨੂੰ ਨਾਟੋ ਦੇ ਹੈੱਡਕੁਆਰਟਰ ਵਿਖੇ ਆਯੋਜਿਤ ਕੀਤੀ ਜਾਵੇਗੀ। ਫਿਨਲੈਂਡ ਦੇ ਰਾਸ਼ਟਰਪਤੀ ਸਾਉਲੀ ਨਿਨਿਸਤੋ ਅਤੇ ਰੱਖਿਆ ਮੰਤਰੀ ਐਂਟੀ ਕੈਕੋਨੇਨ ਤੋਂ ਇਲਾਵਾ ਵਿਦੇਸ਼ ਮੰਤਰੀ ਪੇਕਾ ਹਾਵਿਸਟੋ ਸਮਾਰੋਹ ਵਿੱਚ ਸ਼ਾਮਲ ਹੋਣਗੇ। ਹਾਵਿਸਟੋ ਨੇ ਕਿਹਾ, ''ਇਹ ਸਾਡੇ ਲਈ ਇਤਿਹਾਸਕ ਪਲ ਹੈ।''

ਫਿਨਲੈਂਡ ਲਈ ਮੀਟਿੰਗ ਦਾ ਸਭ ਤੋਂ ਮਹੱਤਵਪੂਰਨ ਉਦੇਸ਼ ਯੂਕ੍ਰੇਨ ਲਈ ਨਾਟੋ ਦੇ ਸਮਰਥਨ 'ਤੇ ਜ਼ੋਰ ਦੇਣਾ ਹੋਵੇਗਾ ਕਿਉਂਕਿ ਰੂਸ ਦੇ ਗੈਰ-ਕਾਨੂੰਨੀ ਹਮਲੇ ਜਾਰੀ ਹਨ। ਅਸੀਂ ਯੂਰਪੀ-ਅਟਲਾਂਟਿਕ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਨੂੰ ਉਤਸ਼ਾਹਿਤ ਕਰਨਾ ਚਾਹੁੰਦੇ ਹਾਂ। ਸਾਰੇ 30 ਨਾਟੋ ਦੇਸ਼ਾਂ ਨੇ ਫਿਨਲੈਂਡ ਅਤੇ ਸਵੀਡਨ ਨੂੰ ਸ਼ਾਮਲ ਕਰਨ ਲਈ ਪ੍ਰੋਟੋਕੋਲ 'ਤੇ ਹਸਤਾਖਰ ਕਰ ਦਿੱਤੇ ਹਨ।

ਹਾਲਾਂਕਿ ਤੁਰਕੀ ਅਤੇ ਹੰਗਰੀ ਨੇ ਨਾਟੋ ਦੇ ਵਿਸਥਾਰ ਦੀ ਕਵਾਇਦ ਨੂੰ ਮਹੀਨਿਆਂ ਤੱਕ ਰੋਕ ਦਿੱਤਾ ਪਰ ਆਖਿਰਕਾਰ ਦੋਵੇਂ ਫਿਨਲੈਂਡ 'ਤੇ ਸਹਿਮਤ ਹੋ ਗਏ। ਤੁਰਕੀ ਨੇ ਅੱਤਵਾਦ ਨਾਲ ਨਜਿੱਠਣ ਲਈ ਦੋਵਾਂ ਦੇਸ਼ਾਂ ਤੋਂ ਗਾਰੰਟੀ ਅਤੇ ਭਰੋਸਾ ਮੰਗਿਆ ਸੀ। ਹੰਗਰੀ ਦੀ ਮੰਗ ਵੀ ਇਸ ਤੋਂ ਕੋਈ ਵੱਖਰੀ ਨਹੀਂ ਹੈ। ਕਿਸੇ ਦੇਸ਼ ਨੂੰ ਨਾਟੋ ਵਿੱਚ ਸ਼ਾਮਲ ਕਰਨ ਲਈ ਸਾਰੇ ਮੈਂਬਰ ਦੇਸ਼ਾਂ ਦਾ ਸਮਰਥਨ ਜ਼ਰੂਰੀ ਹੁੰਦਾ ਹੈ।

## ਦਿੱਲੀ ਪੁਲਸ ਨੇ ਮੋਸਟ ਵਾਂਟੇਡ ਗੈਂਗਸਟਰ ਦੀਪਕ ਬਾਕਸਰ ਨੂੰ ਮੈਕਸੀਕੋ ਤੋਂ ਕੀਤਾ ਗ੍ਰਿਫ਼ਤਾਰ

ਨਵੀਂ ਦਿੱਲੀ, 4 ਅਪ੍ਰੈਲ (ਪੋਸਟ ਬਿਊਰੋ): ਦਿੱਲੀ ਪੁਲਸ ਦੇ ਸਪੈਸ਼ਲ ਸੈੱਲ ਦੀ ਇੱਕ ਟੀਮ ਨੇ ਇੱਕ ਵੱਡੇ ਆਫਸ਼ੋਰ ਓਪਰੇਸ਼ਨ ਵਿੱਚ, ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐੱਫਬੀਆਈ) ਦੀ ਮਦਦ ਨਾਲ ਚੋਟੀ ਦੇ ਗੈਂਗਸਟਰ ਦੀਪਕ ਬਾਕਸਰ ਨੂੰ ਮੈਕਸੀਕੋ ਤੋਂ ਗ੍ਰਿਫ਼ਤਾਰ ਕਰ ਲਿਆ ਹੈ। ਪੁਲਸ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਇੱਕ ਅਧਿਕਾਰੀ ਨੇ ਕਿਹਾ, "ਗੈਂਗਸਟਰ ਨੂੰ ਇੱਕ-ਦੋ ਦਿਨਾਂ ਵਿੱਚ ਭਾਰਤ ਲਿਆਂਦਾ ਜਾਵੇਗਾ। ਉਹ ਦਿੱਲੀ-ਐੱਨ.ਸੀ.ਆਰ. ਦੇ ਸਭ ਤੋਂ ਵੱਧ ਲੋੜੀਂਦੇ ਗੈਂਗਸਟਰਾਂ ਵਿੱਚੋਂ ਇੱਕ ਹੈ, ਜੋ ਜਾਅਲੀ ਪਾਸਪੋਰਟ 'ਤੇ ਦੇਸ਼ ਤੋਂ ਭੱਜ ਗਏ ਸਨ।"

ਪੁਲਸ ਨੂੰ ਸ਼ੱਕ ਹੈ ਕਿ ਬਾਕਸਰ ਪਿਛਲੇ ਸਾਲ ਦਸੰਬਰ ਜਾਂ ਜਨਵਰੀ ਵਿਚ ਮੈਕਸੀਕੋ ਗਿਆ ਸੀ। ਜਾਂਚਕਰਤਾਵਾਂ ਨੇ ਇੱਕ ਪਾਸ-ਪੋਰਟ ਪ੍ਰਾਪਤ ਕੀਤਾ, ਜਿਸ 'ਤੇ ਬਾਕਸਰ ਦੀ ਫੋਟੋ ਸੀ, ਪਰ ਇਸਨੂੰ ਵੱਖਰੇ ਨਾਮ ਨਾਲ ਜਾਰੀ ਕੀਤਾ ਗਿਆ ਸੀ। ਪੁਲਸ ਨੇ ਦੱਸਿਆ ਕਿ ਪਾਸਪੋਰਟ ਧਾਰਕ ਨੇ ਕੋਲਕਾਤਾ ਤੋਂ ਫਲਾਈਟ ਲਈ ਸੀ।

ਇਹ ਫਰਜ਼ੀ ਪਾਸਪੋਰਟ ਮੁਰਾਦਾਬਾਦ ਦੇ ਰਵੀ ਅੰਤਿਲ ਦੇ ਨਾਂ 'ਤੇ ਬਣਿਆ ਸੀ ਅਤੇ 29 ਜਨਵਰੀ ਨੂੰ ਉਸ ਨੇ ਕੋਲਕਾਤਾ ਤੋਂ ਮੈਕਸੀਕੋ ਲਈ ਉਡਾਣ ਭਰੀ ਸੀ। ਬਾਕਸਰ ਦਿੱਲੀ ਦੇ ਸਿਵਲ ਲਾਈਨ ਇਲਾਕੇ ਦੇ ਅਮਿਤ ਗੁਪਤਾ ਨਾਂ ਦੇ ਬਿਲਡਰ ਦੀ ਭਾਲ 'ਚ ਸੀ। ਸਤੰਬਰ 2022 ਵਿੱਚ ਫੇਸਬੁੱਕ 'ਤੇ ਬਾਕਸਰ ਨੇ ਬਿਲਡਰ ਦੇ ਕਤਲ ਦੀ ਜ਼ਿੰਮੇਵਾਰੀ ਲਈ ਸੀ। ਇਸ ਤੋਂ ਪਹਿਲਾਂ, ਅਗਸਤ 2022 ਨੂੰ ਗੁਪਤਾ ਨੂੰ ਦਿੱਲੀ ਦੇ ਬੁਰਾੜੀ ਖੇਤਰ ਵਿੱਚ ਅਣਪਛਾਤੇ ਹਮਲਾਵਰਾਂ ਵੱਲੋਂ ਕਈ ਵਾਰ ਗੋਲੀ ਮਾਰ ਦਿੱਤੀ ਗਈ ਸੀ ਅਤੇ ਬਾਅਦ ਵਿੱਚ ਇਲਾਜ ਦੌਰਾਨ ਉਸਦੀ ਮੌਤ ਹੋ ਗਈ ਸੀ। ਬਦਨਾਮ ਗੋਗੀ ਗੈਂਗ ਦਾ ਹਿੱਸਾ ਰਿਹਾ ਬਾਕਸਰ ਉਦੋਂ ਤੋਂ ਹੀ ਫਰਾਰ ਸੀ। ਗੁਪਤਾ ਦੀ ਹੱਤਿਆ ਦੀ ਆਪਣੀ ਜਾਂਚ ਦੌਰਾਨ, ਦਿੱਲੀ ਪੁਲਸ ਨੇ ਕਿਹਾ ਕਿ ਇਹ ਜਬਰਦਸਤੀ ਅਤੇ ਕਤਲ ਦਾ ਪਹਿਲਾ ਮਾਮਲਾ ਸੀ ਅਤੇ ਇੱਕ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

ਇਸ ਗਿਰੋਹ ਨੂੰ ਚਲਾਉਣ ਵਾਲੇ ਦੀਪਕ ਬਾਕਸਰ ਨੇ ਫੇਸਬੁੱਕ 'ਤੇ ਦਾਅਵਾ ਕੀਤਾ ਸੀ ਕਿ ਉਸ ਨੇ ਦਿੱਲੀ ਦੇ ਬਿਲਡਰ ਦਾ ਕਤਲ ਕੀਤਾ ਅਤੇ ਕਤਲ ਦਾ ਮਕਸਦ ਜਬਰੀ ਵਸੂਲੀ ਨਹੀਂ, ਸਗੋਂ ਬਦਲਾ ਲੈਣਾ ਸੀ। ਅੱਗੇ ਆਪਣੀ ਫੇਸਬੁੱਕ ਪੋਸਟ ਵਿੱਚ, ਬਾਕਸਰ ਨੇ ਇਹ ਵੀ ਦਾਅਵਾ ਕੀਤਾ ਸੀ ਕਿ ਬਿਲਡਰ ਗੋਗੀ ਗੈਂਗ ਦੇ ਜਾਣੇ-ਪਛਾਣੇ ਦੁਸ਼ਮਣ ਟਿੱਲੂ ਤਾਜਪੁਰੀਆ ਗੈਂਗ ਨਾਲ ਜੁੜਿਆ ਹੋਇਆ ਸੀ ਅਤੇ ਅਸਲ ਵਿੱਚ ਉਹ ਉਸ ਗਿਰੋਹ ਦਾ ਫਾਈਨਾਂਸਰ ਸੀ। ਗੈਂਗਸਟਰ ਨੇ ਆਪਣੀ ਫੇਸਬੁੱਕ ਪੋਸਟ ਵਿੱਚ ਦਾਅਵਾ ਕੀਤਾ ਕਿ ਵਿਰੋਧੀ ਗੈਂਗ ਨਾਲ ਸਬੰਧ ਹੋਣ ਕਾਰਨ ਉਸਨੂੰ ਮਾਰਿਆ ਗਿਆ ਸੀ।




# ਚੌਰੀ ਚੌਰਾ ਦੇ ਸ਼ਹੀਦਾਂ ਨੂੰ ਸਮਰਪਿਤ ਇੰਡੋ ਅਮੈਰਕਿਨ ਹੈਰੀਟੇਜ ਦਾ 21ਵਾਂ ਮੇਲਾ ਫਰਿਜ਼ਨੋ ਵਿਖੇ ਯਾਦਗਾਰੀ ਹੋ ਨਿਬੜਿਆ



ਫਰਿਜ਼ਨੋ (ਕੈਲੀਫੋਰਨੀਆਂ) 4 ਅਪ੍ਰੈਲ (ਪੋਸਟ ਬਿਊਰੋ): ਸਥਾਨਿਕ ਗਦਰੀ ਬਾਬਿਆਂ ਨੂੰ ਸਮਰਪਿਤ ਸੰਸਥਾ ਇੰਡੋ ਅਮੈਰਿਕਨ ਹੈਰੀਟੇਜ ਫੋਰਮ ਜਿਹੜੀ ਕਿ ਸਮੇਂ ਸਮੇਂ ਸਿਰ ਦੇਸ਼ ਭਗਤਾਂ ਦੀ ਯਾਦ ਵਿੱਚ ਸਮਾਗਮ ਕਰਵਾਕੇ ਸਾਡੀ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੀ ਸੋਚ ਤੋਂ ਜਾਣੂ ਕਰਵਾਉਣ ਲਈ ਸਾਰਥਿਕ ਉਪਰਾਲੇ ਕਰਦੀ ਰਹਿੰਦੀ ਹੈ, ਵੱਲੋ ਲੰਘੇ ਐਤਵਾਰ ਚੌਰੀ ਚੌਰਾ ਦੇ ਸ਼ਹੀਦਾਂ ਨੂੰ ਸਮਰਪਿਤ ਗਦਰੀ ਬਾਬਿਆਂ ਦਾ 21ਵਾਂ ਮੇਲਾ ਸਥਾਨਿਕ ਸੈਂਟਰਲ ਹਾਈ ਸਕੂਲ ਦੇ ਆਡੋਟੋਰੀਅਮ ਵਿਖੇ ਕਰਵਾਇਆ ਗਿਆ। ਮੇਲੇ ਦੀ ਸ਼ੁਰੂਆਤ ਸਟੇਜਾਂ ਦੀ ਮਲਕਾ ਆਸ਼ਾ ਸ਼ਰਮਾਂ ਵੱਲੋ ਸ਼ਹੀਦਾਂ ਦੀ ਯਾਦ ਵਿੱਚ ਬੋਲੇ ਸ਼ੇਅਰਾਂ ਦੁਆਰਾ ਕੀਤੀ ਗਈ। ਉਪਰੰਤ ਸੰਸਥਾ ਦੇ ਸੈਕਟਰੀ ਹਰਜਿੰਦਰ ਢੇਸੀ ਨੇ ਸਭਨਾਂ ਨੂੰ ਨਿੱਘੀ ਜੀ ਆਇਆ ਆਖੀ। ਲੇਖਕ ਇੰਦਰਜੀਤ ਚੁਗਾਵਾਂ ਨੇ ਵੀ ਸਟੇਜ ਤੋਂ ਹਾਜਰੀ ਭਰੀ। ਗਾਇਕ ਕਮਲਜੀਤ ਬੈਨੀਪਾਲ, ਪੱਪੀ ਭਦੌੜ, ਰਾਜ ਬਰਾੜ ਆਦਿ ਨੇ ਇੱਕ ਇੱਕ ਗੀਤ ਗਾਕੇ ਮੇਲੇ ਵਿੱਚ ਹਾਜਰੀ ਲਵਾਈ। ਇਸ ਮੌਕੇ ਇੰਡੀਆ ਤੋਂ ਵਿਸ਼ੇਸ਼ ਤੌਰ ਤੇ ਪ੍ਰੋ. ਜਗਮੋਹਣ ਸਿੰਘ ਜਿਹੜੇ ਕਿ ਸ਼ਹੀਦ ਏ ਆਜ਼ਮ ਸ. ਭਗਤ ਸਿੰਘ ਦੇ ਭਾਣਜੇ ਹਨ, ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ਹੋਏ ਸਨ। ਜਿੰਨਾ ਨੇ ਗਦਰ ਇਤਿਹਾਸ ਤੇ ਪੰਛੀ ਝਾਤ ਪਵਾਈ। ਸੰਸਥਾ ਦੇ ਮੀਤ ਪ੍ਰਧਾਨ ਪ੍ਰਗਟ ਸਿੰਘ ਧਾਲੀਵਾਲ ਨੇ ਚੌਰੀ ਚੌਰਾ ਦੇ ਸ਼ਹੀਦਾਂ ਬਾਰੇ ਜਾਣਕਾਰੀ ਦਿੱਤੀ ਕਿ ਕਿਵੇਂ ਬਰਤਾਨਵੀ ਹਕੂਮਤ ਨੇ 4 ਫਰਵਰੀ 1922 ਨੂੰ ਯੂਪੀ ਦੇ ਚੌਰੀ ਚੌਰਾ ਵਿੱਚ ਸ਼ਾਂਤਮਈ ਪ੍ਰਦੂਸ਼ਨ ਕਰਦੇ ਭਾਰਤੀਆਂ ਤੇ ਤਸ਼ੱਦਦ ਕਰਕੇ 11 ਲੋਕਾਂ ਨੂੰ ਸ਼ਹੀਦ ਕਰ ਦਿੱਤਾ ਸੀ ਅਤੇ 50 ਦੇ ਕਰੀਬ ਲੋਕ ਜਖਮੀਂ ਹੋ ਗਏ ਸਨ, ਉਪਰੰਤ ਭੀੜ ਨੇ ਪੁਲਿਸ ਸਟੇਸ਼ਨ ਨੂੰ ਅੱਗ ਲਗਾ ਦਿੱਤੀ ਸੀ। ਅਤੇ ਬਹੁਤ ਸਾਰੇ ਭਾਰਤੀ ਅੱਜ ਵੀ ਚੌਰੀ ਚੌਰਾ ਦੀ ਘਟਨਾਂ ਤੋਂ ਅਣਜਾਣ ਹਨ। ਇਸ ਮੌਕੇ ਆਂਚਲ ਹੇਅਰ ਨੇ ਇੱਕ ਕਵਿਤਾ ਰਾਹੀ ਹਾਜ਼ਰੀ ਭਰੀ ਤੇ ਚੌਰੀ ਚੌਰਾ ਦੀ ਘਟਨਾਂ ਨੂੰ ਯਾਦ ਕਰਦਿਆਂ ਸ਼ਹੀਦਾਂ ਨੂੰ ਸਰਧਾ ਦੇ ਫੁੱਲ ਭੇਟ ਕੀਤੇ। ਅਕਾਸ਼ਪ੍ਰੀਤ ਕੌਰ ਸੰਧੂ ਨੇ ਵੀ ਇੱਕ ਕਵਿਤਾ ਨਾਲ ਹਾਜ਼ਰੀ ਲਵਾਈ। ਇਸ ਮੌਕੇ ਓਲਡ ਸਕੂਲ ਭੰਗੜਾ ਅਕੈਡਮੀ, ਸੈਂਟਰਲਵੈਲੀ ਭੰਗੜਾ, ਜੀ ਐਚ ਜੀ ਡਾਂਸ ਐਂਡ ਸੰਗੀਤ ਅਕੈਡਮੀ ਅਤੇ ਸ਼ਾਨੇ ਭੰਗੜਾ ਅਕੈਡਮੀ ਦੇ ਬੱਚਿਆ ਨੇ ਗਿੱਧੇ ਭੰਗੜੇ ਅਤੇ ਕਰੋਓਗ੍ਰਾਫੀ ਜ਼ਰੀਏ ਦਰਸ਼ਕਾਂ ਦੀ ਖ਼ੂਬ ਵਾਹ ਵਾਹ ਖੱਟੀ। ਇਸ ਮੌਕੇ 4.0 ਜੀ ਪੀ ਏ ਵਾਲੇ ਬੱਚਿਆਂ ਨੂੰ ਸੰਸਥਾਂ ਵੱਲੋ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉੱਘੇ ਸਮਾਜਸੇਵੀ ਮਲਕੀਤ ਸਿੰਘ ਕਿੰ-ਗਰਾ ਨੇ ਆਪਣੇ ਸੰਬੋਧਨ ਦੌਰਾਨ ਕਮਿਉਂਨਟੀ ਦੇ ਲੋਕਲ ਪਤਵੰਤਿਆਂ ਨੂੰ ਯਾਦ ਕਰਦਿਆਂ ਸਵ. ਡਾ. ਗੁਰੂਮੇਲ ਸਿੱਧੂ, ਅਮਰੀਕ ਸਿੰਘ ਵਿਰਕ, ਸ. ਗੁਰਦੀਪ ਸਿੰਘ ਅਣਖੀ, ਮਹਿੰਦਰ ਸਿੰਘ ਗਰੇਵਾਲ ਆਦਿ ਲਈ ਇੱਕ ਮਿੰਟ ਦਾ ਮੋਨ ਧਾਰਕੇ ਸ਼ਰਧਾਂਜਲੀ ਦਿੱਤੀ। ਅਖੀਰ ਵਿੱਚ ਉੱਘੇ ਗਾਇਕ ਧਰਮਵੀਰ ਥਾਂਦੀ ਨੇ ਸ਼ਹੀਦਾਂ ਨੂੰ ਸਮਰਪਿਤ ਗੀਤਾਂ ਦੀ ਐਸੀ ਝੜੀ ਲਾਈ ਕਿ ਹਰਕੋਈ ਸਾਹ ਰੋਕਕੇ ਉਸਨੂੰ ਸੁਣਦਾ ਨਜ਼ਰੀਂ ਆਇਆ। ਅਖੀਰ ਬਲਵਿੰਦਰ ਸਿੰਘ ਬੁੱਟਰ ਨੇ ਸਭਨਾਂ ਦਾ ਸ਼ੁਕਰੀਆ ਅਦਾ ਕੀਤਾ। ਅਲੀ ਦੇ ਚਾਹ ਪਕੌੜਿਆ ਦੇ ਲੰਗਰ ਦੀ ਹਰਕੋਈ ਤਰੀਫ਼ ਕਰ ਰਿਹਾ ਸੀ। ਅੰਤ ਇਹ ਮੇਲਾ ਅਮਿੱਟ ਪੈੜ੍ਹਾ ਛੱਡਦਾ ਯਾਦਗਾਰੀ ਹੋ ਨਿਬੜਿਆ।



URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA
MCNE, Real Estate Broker
416-371-7777
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry

Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist

New Patients welcome
Deal Directly with all Insurance Companies

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
DENTISTRY
Squire Ellis Dr
Countryside Dr

Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

afc

ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!

ASIAN FOOD CENTRE

VEGETARIAN FOOD
HEALTHY EATING

FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017